ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 2 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੭ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ ਪੁਲਸ ਦੇ ਡੀਐਸਪੀ ਗੁਰਸ਼ੇਰ ਸੰਧੂ ਦੀ ਬਰਖ਼ਾਸਤਗੀ ਦੇ ਹੁਕਮ ਰੱਦ



ਚੰਡੀਗੜ੍ਹ, 1 ਸਤੰਬਰ (ਆਵਾਜ਼ਿ ਕੌਮ ਬਿਊਰੋ)- ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋਂ ਪੰਜਾਬ ਪੁਲਸ ਦੇ ਡੀ.ਐੱਸ.ਪੀ. ਗੁਰਸ਼ੇਰ ਸੰਧੂ ਨੂੰ ਵੱਡੀ ਰਾਹਤ ਦਿੰਦਿਆਂ ਸੇਵਾ ਤੋਂ ਬਰਖ਼ਾਸਤਗੀ ਸਬੰਧੀ ਹੁਕਮਾਂ ਨੂੰ ਰੱਦ ਕਰ ਦਿੱਤਾ ਹੈ। ਗੈਂਗਸਟਰ ਲਾਰੈਂਸ ਬਿਸ਼ਨੋਈ ਦੇ ਜੇਲ੍ਹ ਵਿਚ ਹੋਏ ਇੰਟਰਵਿਊ ਦੇ ਮਾਮਲੇ ਤੋਂ ਬਾਅਦ ਡੀ.ਐੱਸ.ਪੀ. ਗੁਰਸ਼ੇਰ ਸੰਧੂ ਨੂੰ ਫੋਰਸ ਤੋਂ ਹਟਾ ਦਿੱਤਾ ਗਿਆ ਸੀ ਤੇ ਫ਼ਿਰ ਉਨ੍ਹਾਂ ਖ਼ਿਲਾਫ਼ ਫਿਰੌਤੀ ਅਤੇ ਭ੍ਰਿਸ਼ਟਾਚਾਰ ਨਾਲ ਸਬੰਧਤ ਮਾਮਲੇ ਵੀ ਦਰਜ ਕੀਤੇ ਗਏ ਸਨ। ਪਿਛਲੇ ਸਾਲ ਦੀ ਸ਼ੁਰੂਆਤ ਵਿਚ ਉਨ੍ਹਾਂ ਨੂੰ ਸੇਵਾ ਤੋਂ ਬਰਖ਼ਾਸਤ ਕਰ ਦਿੱਤਾ ਗਿਆ ਸੀ। ਗੁਰਸ਼ੇਰ ਸੰਧੂ ਨੇ ਬਰਖ਼ਾਸਤਗੀ ਦੇ ਫ਼ੈਸਲੇ ਨੂੰ ਹਾਈ ਕੋਰਟ ਵਿਚ ਚੁਣੌਤੀ ਦਿੱਤੀ ਸੀ। ਇਸ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਹਾਈ ਕੋਰਟ ਨੇ ਬਰਖ਼ਾਸਤਗੀ ਦੇ ਹੁਕਮਾਂ ਨੂੰ ਰੱਦ ਕਰ ਦਿੱਤਾ ਹੈ।

## ਪਰਮਜੀਤ ਸਿੰਘ ਪੰਮਾ ਨੇ ਗੈਂਗਸਟਰ ਗੋਲਡੀ ਬਰਾੜ ਨੂੰ ਦਿੱਤੀ ਧਮਕੀ

# "ਤੂੰ 40 ਗੋਲੀਆਂ ਚਲਾਈਆਂ ਸੀ ਅਸੀਂ 4 ਹਜ਼ਾਰ ਚਲਾਵਾਂਗੇ"

**ਲੰਡਨ, 1 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਯੂਕੇ ਵਿੱਚ ਰਹਿੰਦੇ ਪਰਮਜੀਤ ਸਿੰਘ ਪੰਮਾ ਨੇ ਗੈਂਗਸਟਰ ਗੋਲਡੀ ਬਰਾੜ ਨੂੰ ਧਮਕੀ ਦਿੱਤੀ ਹੈ। ਜਿਸ 'ਚ ਉਹ ਗੈਂਗਸਟਰ ਗੋਲਡੀ ਬਰਾੜ ਤੋਂ ਸਿੱਖ ਆਗੂ ਹਰਦੀਪ ਸਿੰਘ ਨਿੱਝਰ ਦੇ ਕਤਲ ਦਾ ਬਦਲਾ ਲੈਣ ਦੀ ਗੱਲ ਆਖੀ ਗਈ ਹੈ। ਇਸ ਸਬੰਧੀ ਪਰਮਜੀਤ ਸਿੰਘ ਪੰਮਾ ਦੀ ਇੱਕ ਆਡਿਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ। ਹਾਲਾਂਕਿ ਇਸ ਵਾਇਰਲ ਵੀਡੀਓ ਦੀ "ਅਦਾਰਾ ਆਵਾਜ਼ਿ ਕੌਮ" ਪੁਸ਼ਟੀ ਨਹੀਂ ਕਰਦਾ ਹੈ। ਕਥਿਤ ਵਾਇਰਲ ਆਡਿਓ 'ਚ ਪੰਮਾ ਨੇ ਕਿਹਾ ਕਿ ਗੋਲਡੀ ਨੇ ਬਹਾਨੇ ਕਾਲ ਰਿਕਾਰਡਿੰਗ ਲੀਕ ਕੀਤੀ ਸੀ। ਉਸਨੇ ਕਿਹਾ ਕਿ ਉਸਨੇ ਹਰਦੀਪ ਸਿੰਘ ਨਿੱਝਰ ਨੂੰ ਕੈਨੇਡਾ ਵਿੱਚ ਮਾਰ ਕੇ ਗਲਤ



ਕੀਤਾ। ਗੋਲਡੀ ਬਰਾੜ ਏਜੰਸੀਆਂ ਦਾ ਏਜੰਟ ਹੈ। ਪੰਮਾ ਨੇ ਕਿਹਾ ਕਿ ਗੋਲਡੀ ਬਰਾੜ ਨੇ 40 ਗੋਲੀਆਂ ਦੀ ਗੱਲ ਕੀਤੀ ਸੀ, ਪਰ ਅਸੀਂ 4,000 ਗੋਲੀਆਂ ਮਾਰਾਂਗੇ ਅਤੇ ਉਸਦੇ ਪੂਰੇ ਸਰੀਰ ਨੂੰ ਛਲਣੀ ਕਰ ਦਿੱਤਾ ਜਾਵੇਗਾ। ਉਸ ਨੂੰ ਨਿੱਝਰ ਦੇ ਕਤਲ ਦਾ ਭੁਗਤਾਨ ਕਰਨਾ ਪਵੇਗਾ। ਗੈਂਗਸਟਰ ਗੋਲਡੀ ਬਰਾੜ ਨੇ ਲਾਰੈਂਸ ਨਾਲ ਮਿਲ ਕੇ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਕਤਲ ਦੀ ਸਾਜ਼ਿਸ਼ ਰਚੀ ਸੀ। ਭਾਰਤੀ ਗ੍ਰਹਿ ਮੰਤਰਾਲੇ ਨੇ ਜੁਲਾਈ 2020 ਵਿੱਚ ਪਰਮਜੀਤ ਸਿੰਘ ਪੰਮਾ ਨੂੰ ਗੈਰ-ਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ ਦੇ ਤਹਿਤ ਅੱਤਵਾਦੀ ਨਾਮਜ਼ਦ ਕੀਤਾ ਸੀ। ਉਹ ਐਨਆਈਏ ਦੀ ਮੋਸਟ ਵਾਂਟੇਡ ਸੂਚੀ ਵਿੱਚ ਹੈ। ਐਨਆਈਏ ਦੇ ਅਨੁਸਾਰ, ਉਸਦੇ ਖਾਲਿਸਤਾਨ ਟਾਈਗਰ ਫੋਰਸ ਨਾਲ ਸਬੰਧ ਹਨ। ਹਰਦੀਪ ਨਿੱਝਰ ਵੀ ਇਸ ਸੰਗਠਨ ਨਾਲ ਜੁੜਿਆ ਹੋਇਆ ਸੀ। ਇਸ ਤੋਂ ਪਹਿਲਾਂ, ਸਿੱਖਸ ਫਾਰ ਜਸਟਿਸ ਦੇ ਮੁਖੀ ਗੁਰਪਤਵੰਤ ਸਿੰਘ ਪੰਨੂ ਨੇ ਵੀ ਗੋਲਡੀ ਬਰਾੜ ਨੂੰ ਧਮਕੀ ਦਿੱਤੀ ਸੀ। ਪੰਨੂ ਨੇ ਬਦਲਾ ਲੈਣ ਦੀ ਧਮਕੀ ਦਿੰਦੇ ਹੋਏ ਕਿਹਾ ਕਿ ਗੋਲਡੀ ਐਫਬੀਆਈ, ਕੈਨੇਡੀਅਨ ਜਾਂ ਅਮਰੀਕੀ ਅਦਾਲਤਾਂ ਤੋਂ ਬਚ ਸਕਦਾ ਹੈ, ਪਰ "ਖਾਲਸਾ ਇਨਸਾਫ਼" ਤੋਂ ਨਹੀਂ ਬਚੇਗਾ।

## ਜੰਤਰ-ਮੰਤਰ ਪ੍ਰਦਰਸ਼ਨਾਂ 'ਚ ਵਿਦਿਆਰਥੀਆਂ ਖ਼ਿਲਾਫ਼ ਸਾਰੀਆਂ ਐਫਆਰਆਈ ਰੱਦ !

**ਨਵੀਂ ਦਿੱਲੀ, 1 ਸਤੰਬਰ (ਆਵਾਜ਼ਿ ਕੌਮ ਬਿਊਰੋ)**-20 ਜੁਲਾਈ ਨੂੰ 'ਕਾਕਰੋਚ ਜਨਤਾ ਪਾਰਟੀ' ਦੇ ਵਿਰੋਧ ਪ੍ਰਦਰਸ਼ਨਾਂ ਤੋਂ ਬਾਅਦ ਵਿਦਿਆਰਥੀਆਂ 'ਤੇ ਦਰਜ ਹੋਈਆਂ ਐਫਆਈਆਰ ਦੇ ਮਾਮਲੇ 'ਚ ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਵੱਡਾ ਫ਼ੈਸਲਾ ਸੁਣਾਇਆ ਹੈ। ਅਦਾਲਤ ਨੇ 20 ਤੋਂ 25 ਜੁਲਾਈ ਦੇ ਵਿਚਕਾਰ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ 'ਚ ਪ੍ਰਦਰਸ਼ਨਕਾਰੀ ਵਿਦਿਆਰਥੀਆਂ ਖ਼ਿਲਾਫ਼. ਦਰਜ ਸਾਰੀਆਂ ਐਫਆਈਆਰ ਨੂੰ ਰੱਦ ਕਰ ਦਿੱਤਾ ਹੈ। ਹਾਲਾਂਕਿ, ਅਪਰਾਧਿਕ ਪਿਛੋਕੜ ਵਾਲੇ ਵਿਅਕਤੀਆਂ ਨੂੰ ਇਸ ਫ਼ੈਸਲੇ ਤੋਂ ਬਾਹਰ ਰੱਖਿਆ ਗਿਆ ਹੈ। ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਚੀਫ਼ ਜਸਟਿਸ ਸੂਰਿਆ ਕਾਂਤ ਦੀ ਅਗਵਾਈ ਵਾਲੀ ਬੈਂਚ ਨੂੰ ਦੱਸਿਆ ਕਿ ਦਿੱਲੀ ਸਮੇਤ ਬਿਹਾਰ, ਅਸਾਮ, ਪੱਛਮੀ ਬੰਗਾਲ ਅਤੇ ਮਹਾਰਾਸ਼ਟਰ ਦੀਆਂ ਸੂਬਾ ਸਰਕਾਰਾਂ ਨੇ ਅਰਜ਼ੀਆਂ ਦਾਖਲ ਕਰ ਕੇ ਇਨ੍ਹਾਂ ਕੇਸਾਂ ਨੂੰ ਵਾਪਸ ਲੈਣ ਅਤੇ ਭਵਿੱਖ 'ਚ ਕੋਈ ਨਵੀਂ ਐਫਆਈਆਰ ਦਰਜ ਨਾ ਕਰਨ ਦਾ ਭਰੋਸਾ ਦਿਵਾਇਆ ਹੈ। ਸੁਪਰੀਮ ਕੋਰਟ ਨੇ ਦਿੱਲੀ ਪੁਲਸ ਨੂੰ ਜੰਤਰ-ਮੰਤਰ ਪ੍ਰਦਰਸ਼ਨ 'ਚ ਸ਼ਾਮਲ ਉਨ੍ਹਾਂ 2,873 ਵਿਅਕਤੀਆਂ ਖ਼ਿਲਾਫ਼ ਇੱਕ ਐਫਆਈਆਰ ਦੀ ਜਾਂਚ ਜਾਰੀ ਰੱਖਣ ਦੀ ਇਜਾਜ਼ਤ ਦਿੱਤੀ ਹੈ, ਜਿਨ੍ਹਾਂ ਦਾ ਪਹਿਲਾਂ ਤੋਂ ਗੰਭੀਰ ਅਪਰਾਧਿਕ ਰਿਕਾਰਡ ਹੈ। ਸੁਪਰੀਮ ਕੋਰਟ ਦੇ ਇਸ ਫੈਸਲੇ ਅਤੇ ਕੇਂਦਰ ਦੇ ਹਾਂ-ਪੱਖੀ ਰਵੱਈਏ ਤੋਂ ਬਾਅਦ ਸੀਜੇਆਈ ਦੇ ਬੁਲਾਰੇ ਸੌਰਵ ਦਾਸ ਨੇ ਅਦਾਲਤ ਨੂੰ ਦੱਸਿਆ ਕਿ ਉਨ੍ਹਾਂ ਨੇ 5 ਸਤੰਬਰ ਨੂੰ ਦਿੱਲੀ 'ਚ ਕੱਢੇ ਜਾਣ ਵਾਲੇ ਆਪਣੇ ਪ੍ਰਸਤਾਵਿਤ ਮਾਰਚ ਨੂੰ ਵਾਪਸ ਲੈਣ ਦਾ ਫੈਸਲਾ ਕੀਤਾ ਹੈ। ਇਸ ਫ਼ੈਸਲੇ ਤੋਂ ਇਲਾਵਾ ਕੇਂਦਰ ਸਰਕਾਰ ਨੇ NEET-UG 2026 ਪ੍ਰੀਖਿਆ ਰੱਦ ਹੋਣ ਤੋਂ ਬਾਅਦ ਖੁਦਕੁਸ਼ੀ ਕਰਨ ਵਾਲੇ ਵਿਦਿਆਰਥੀਆਂ ਦੇ ਪਰਿਵਾਰਾਂ ਨੂੰ ਮੁਆਵਜ਼ਾ ਦੇਣ ਦੀ ਵਚਨਬੱਧਤਾ ਵੀ ਦੁਹਰਾਈ। ਅਦਾਲਤ ਨੇ ਕੇਂਦਰ ਨੂੰ 3 ਮਹੀਨਿਆਂ ਦੇ ਅੰਦਰ ਮੁਆਵਜ਼ੇ ਦੀ ਪ੍ਰਕਿਰਿਆ ਪੂਰੀ ਕਰਨ ਦੇ ਨਿਰਦੇਸ਼ ਦਿੱਤੇ ਹਨ।

## ਪੰਜਾਬ ਦੀਆਂ ਸਾਰੀਆਂ ਜੇਲ੍ਹਾਂ 'ਚ ਅੱਧੇ ਕੈਦੀ ਨਸ਼ੇ ਦੇ ਆਦੀ ! ਹਾਈਕੋਰਟ ਵੱਲੋਂ ਪੇਸ਼ ਹੋਈ ਪੰਜਾਬ ਸਰਕਾਰ ਦੀ ਰਿਪੋਰਟ 'ਚ ਖੁਲਾਸਾ

**ਚੰਡੀਗੜ੍ਹ, 1 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਸਾਰੀਆਂ ਜੇਲ੍ਹਾਂ 'ਚ ਬੰਦ ਅੱਧੇ ਕੈਦੀ ਨਸ਼ੇ ਦੀ ਗ੍ਰਿਫਤ 'ਚ ਹਨ। ਸਾਰੀਆਂ ਜੇਲ੍ਹਾਂ 'ਚ ਬੰਦ ਕੁੱਲ 35449 ਕੈਦੀ, ਜਿਨ੍ਹਾਂ ਵਿੱਚੋ 15768 ਕੈਦੀ ਨਸ਼ੇ ਦੀ ਗ੍ਰਿਫਤ 'ਚ ਹਨ ਜਿਨ੍ਹਾਂ ਨੂੰ ਓਓਏਟੀ ਟ੍ਰੀਟਮੇਂਟ ਦਿੱਤਾ ਜਾ ਰਿਹਾ ਹੈ। ਇਹ ਜਾਣਕਾਰੀ ਪੰਜਾਬ ਸਰਕਾਰ ਵੱਲੋਂ ਪੰਜਾਬ ਤੇ ਹਰਿਆਣਾ ਹਾਈਕੋਰਟ 'ਚ ਰਿਪੋਰਟ ਪੇਸ਼ ਕੀਤੀ ਗਈ ਹੈ। ਰਿਪੋਰਟ ਮੁਤਾਬਿਕ ਇਨ੍ਹਾਂ ਵਿੱਚੋਂ ਜਿਆਦਾ ਕੈਦੀਆਂ ਦੀ ਉਮਰ 18 ਸਾਲ ਤੋਂ 45 ਸਾਲ ਦੇ ਵਿਚਾਲੇ ਹੈ। ਦੱਸ ਦਈਏ ਕਿ ਪੰਜਾਬ ਦੇ ਏਡੀਜੀਪੀ ਜੇਲ੍ਹਾਂ ਵੱਲੋਂ ਇਹ ਜਾਣਕਾਰੀ ਪੰਜਾਬ ਤੇ ਹਰਿਆਣਾ ਹਾਈਕੋਰਟ ਨੂੰ ਦਿੱਤੀ ਗਈ ਹੈ।




ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੀ ਗਈ ਰਿਪੋਰਟ 'ਤੇ ਹਾਈਕੋਰਟ ਨੇ ਚਿੰਤਾ ਜਤਾਈ ਹੈ। ਉਨ੍ਹਾਂ ਨੇ ਕਿਹਾ ਕਿ ਅੰਕੜੇ ਰੌਂਗਟੇ ਖੜੇ ਕਰ ਦੇਣ ਵਾਲੇ ਹਨ। ਹੁਣ ਇਸ ਸਮੱਸਿਆ ਦਾ ਸਹੀ ਹੱਲ ਕੱਢਿਆ ਜਾਣਾ ਬੇਹੱਦ ਜਰੂਰੀ ਹੈ। ਹਾਈ ਕੋਰਟ ਨੇ ਅੱਜ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੀ ਗਈ ਰਿਪੋਰਟ ਨੂੰ ਐਡਵੋਕੇਟ ਤਨੂ ਬੇਦੀ ਨੂੰ ਸੌਂਪ ਦਿੱਤੀ ਗਈ ਹੈ, ਜਿਸ ਵਿੱਚ ਉਨ੍ਹਾਂ ਨੂੰ ਅਗਲੀ ਸੁਣਵਾਈ 'ਤੇ ਇਸਦਾ ਅਧਿਐਨ ਕਰਨ ਅਤੇ ਜਵਾਬ ਦੇਣ ਲਈ ਕਿਹਾ ਗਿਆ। ਤਨੂ ਬੇਦੀ ਇਸ ਮਾਮਲੇ ਵਿੱਚ ਹਾਈ ਕੋਰਟ ਦੀ ਸਹਾਇਤਾ ਕਰ ਰਹੀ ਹੈ। ਹਾਈ ਕੋਰਟ ਨੇ ਹੁਣ ਪੰਜਾਬ ਦੇ ਨਾਲ-ਨਾਲ ਹਰਿਆਣਾ ਅਤੇ ਚੰਡੀਗੜ੍ਹ ਨੂੰ ਵੀ ਇਸ ਮਾਮਲੇ ਵਿੱਚ ਧਿਰ ਬਣਾਇਆ ਹੈ ਅਤੇ ਉਨ੍ਹਾਂ ਨੂੰ ਅਗਲੇ ਮੰਗਲਵਾਰ ਨੂੰ ਆਪਣੀਆਂ ਜੇਲ੍ਹਾਂ ਬਾਰੇ ਜਾਣਕਾਰੀ ਦੇਣ ਦਾ ਹੁਕਮ ਦਿੱਤਾ ਹੈ। ਹਾਈ ਕੋਰਟ ਨੇ ਕਿਹਾ ਕਿ ਸਥਿਤੀ ਇੰਨੀ ਵਿਗੜ ਗਈ ਹੈ ਕਿ ਮਾਮਲੇ ਵਿੱਚ ਦੇਰੀ ਨਹੀਂ ਕੀਤੀ ਜਾ ਸਕਦੀ। ਹਾਈ ਕੋਰਟ ਹੁਣ ਇਸ ਮਾਮਲੇ ਦੀ ਸੁਣਵਾਈ ਹਰ ਹਫਤੇ ਕੀਤੀ ਜਾਵੇਗੀ। ਦੱਸ ਦਈਏ ਕਿ ਹਾਈ ਕੋਰਟ ਨੇ ਖੁਦ ਇਸ ਮਾਮਲੇ ਦਾ ਨੋਟਿਸ ਲਿਆ ਸੀ। ਮਾਨਸਾ ਦੇ ਪ੍ਰਬੰਧਕੀ ਜੱਜ ਨੇ ਮਾਨਸਾ ਜੇਲ੍ਹ ਦਾ ਦੌਰਾ ਕੀਤਾ ਅਤੇ ਕਾਰਵਾਈ ਦੀ ਬੇਨਤੀ ਕੀਤੀ। ਉਨ੍ਹਾਂ ਦੀ ਰਿਪੋਰਟ ਅਨੁਸਾਰ, ਮਾਨਸਾ ਜੇਲ੍ਹ ਵਿੱਚ 767 ਕੈਦੀ ਹਨ, ਜਿਨ੍ਹਾਂ ਵਿੱਚੋਂ 530, ਜਾਂ 69 ਫੀਸਦ ਨਸ਼ੇੜੀ ਹਨ ਅਤੇ ਓਓਏਟੀ ਇਲਾਜ, ਜਾਂ ਬਾਹਰੀ ਮਰੀਜ਼ ਓਪੀਔਡ ਇਲਾਜ ਪ੍ਰਾਪਤ ਕਰ ਰਹੇ ਹਨ। ਇਸ ਦਾ ਨੋਟਿਸ ਲੈਂਦੇ ਹੋਏ, ਕਾਰਜਕਾਰੀ ਚੀਫ਼ ਜਸਟਿਸ ਦੇ ਬੈਂਚ ਨੇ ਪੰਜਾਬ ਸਰਕਾਰ ਤੋਂ ਸੂਬੇ ਦੀਆਂ ਸਾਰੀਆਂ ਜੇਲ੍ਹਾਂ ਲਈ ਡੇਟਾ ਮੰਗਿਆ। ਉਸ ਹੁਕਮ ਤੋਂ ਬਾਅਦ, ਪੰਜਾਬ ਸਰਕਾਰ ਨੇ ਅੱਜ ਇਹ ਜਾਣਕਾਰੀ ਪ੍ਰਦਾਨ ਕੀਤੀ। ਹਾਈ ਕੋਰਟ ਨੇ ਚਿੰਤਾ ਪ੍ਰਗਟ ਕਰਦੇ ਹੋਏ ਕਿਹਾ ਕਿ ਇਹ ਇੱਕ ਬਹੁਤ ਗੰਭੀਰ ਮਾਮਲਾ ਹੈ ਅਤੇ ਹੁਣ ਇਸਦੀ ਸੁਣਵਾਈ ਹਫ਼ਤਾਵਾਰੀ ਕੀਤੀ ਜਾਵੇਗੀ।

## ਕਿਸਾਨਾਂ ਨੇ ਪ੍ਰਧਾਨ ਮੰਤਰੀ ਮੋਦੀ ਦੇ ਨਾਮ ਲਿਖਿਆ 13 ਨੁਕਾਤੀ ਮੰਗ ਪੱਤਰ, ਅਗਲੀ ਰਣਨੀਤੀ ਦਾ ਕੀਤਾ ਐਲਾਨ

**ਚੰਡੀਗੜ੍ਹ, 1 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਕਿਸਾਨਾਂ ਦੇ 1 ਤੋਂ 7 ਸਤੰਬਰ ਤੱਕ ਧਰਨੇ ਨੂੰ ਲੈ ਕੇ ਚੰਡੀਗੜ੍ਹ ਅਤੇ ਮੁਹਾਲੀ ਪੁਲਿਸ ਨੇ ਲੋਕਾਂ ਲਈ ਟ੍ਰੈਫ਼ਿਕ ਅਡਵਾਈਜ਼ਰੀ ਜਾਰੀ ਕੀਤੀ ਹੈ। ਕਿਸਾਨਾਂ ਨੇ ਮੀਟਿੰਗ 'ਚ ਕਿਹੜੀਆਂ ਮੰਗਾਂ 'ਤੇ ਹੋਈ ਚਰਚਾ ਬਾਰੇ ਦਿੱਤੀ ਜਾਣਕਾਰੀ ਕਿਸਾਨ ਆਗੂਆਂ ਨੇ ਮੀਟਿੰਗ ਉਪਰੰਤ ਗੱਲਬਾਤ ਦੌਰਾਨ ਕਿਹਾ ਕਿ ਪੰਜਾਬ ਸਰਕਾਰ ਨੂੰ ਇੱਕ ਵਿਸ਼ੇਸ਼ ਸੈਸ਼ਨ ਬੁਲਾਉਣਾ ਚਾਹੀਦਾ ਹੈ ਅਤੇ ਸਾਰੇ ਸਮਝੌਤੇ ਖਤਮ ਕਰਨੇ ਚਾਹੀਦੇ ਹਨ। ਪਾਣੀ 60:40 ਦੇ ਅਨੁਪਾਤ ਵਿੱਚ ਪੈਦਾ ਕਰਨਾ ਚਾਹੀਦਾ ਹੈ। ਪੰਜਾਬ ਪਾਣੀ ਦੀ ਘਾਟ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਨੇ ਕਿਹਾ



ਕਿ ਅਸੀਂ ਪੰਜ ਫਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ ਦੀ ਮੰਗ ਕਰਦੇ ਹਾਂ। ਸਾਡੇ ਤੋਂ ਬਾਕੀ ਫਸਲਾਂ ਖਰੀਦ ਕੇ ਅੱਗੇ ਸਪਲਾਈ ਕਰੇ। ਸਾਡੇ 'ਤੇ ਚੌਣਾ ਵਿੱਚ ਪਾਣੀ ਬਰਬਾਦ ਕਰਨ ਦਾ ਦੋਸ਼ ਨਹੀਂ ਲਗਾਇਆ ਜਾਣਾ ਚਾਹੀਦਾ। ਪਾਣੀ ਸਟੋਰ ਕੀਤਾ ਜਾਣਾ ਚਾਹੀਦਾ ਹੈ, ਰੀਚਾਰਜ ਪੁਆਇੰਟ ਲਗਾਏ ਜਾਣੇ ਚਾਹੀਦੇ ਹਨ। ਕਿਸਾਨਾਂ ਨੇ ਕਰਜ਼ੇ ਦੇ ਮੁੱਦੇ 'ਤੇ ਕਿਹਾ ਕਿ ਕੈਪਟਨ ਸਰਕਾਰ ਨੇ ਵਾਅਦਾ ਕੀਤਾ ਸੀ ਕਿ ਇਸਨੂੰ ਮੁਆਫ਼ ਕੀਤਾ ਜਾਵੇਗਾ। ਕਰਜ਼ੇ ਦਾ ਪ੍ਰਬੰਧ ਇਸ ਤਰ੍ਹਾਂ ਕੀਤਾ ਜਾਣਾ ਚਾਹੀਦਾ ਹੈ ਕਿ ਕਿਸਾਨਾਂ ਦੀ ਜ਼ਮੀਨ ਨਾ ਖੋਹੀ ਜਾਵੇ। ਕੇਂਦਰ ਨਾਲ ਵੀ ਮੁੱਦੇ ਹਨ। ਖੰਡ ਦੀਆਂ ਕੀਮਤਾਂ ਮਾੜੀਆਂ ਹਨ, ਗੰਨੇ ਦੇ ਰੇਟ ਉਹੀ ਹਨ। ਗੰਨੇ ਦੇ ਰੇਟ ਫਸਲ ਦੀ ਬਿਜਾਈ ਸਮੇਂ ਤੈਅ ਕੀਤੇ ਜਾਣੇ ਚਾਹੀਦੇ ਹਨ। ਰੋਜ਼ਾਨਾ ਸੈਸ਼ਨ ਸਵੇਰੇ 11 ਵਜੇ ਤੋਂ ਦੁਪਹਿਰ 2 ਵਜੇ ਤੱਕ ਚੱਲੇਗਾ। ਅੱਜ ਸੈਸ਼ਨ ਦੁਪਹਿਰ 2 ਵਜੇ ਤੋਂ ਸ਼ਾਮ 4 ਵਜੇ ਤੱਕ ਚੱਲੇਗਾ। ਜਦੋਂ ਤੱਕ ਸਰਕਾਰ ਨਹੀਂ ਸੁਣਦੀ, ਅਸੀਂ ਇਸ ਪੜਾਅ 'ਤੇ ਫਸੇ ਹੋਏ ਹਾਂ।

**ਪਟਿਆਲਾ 'ਚ ਕਿਸਾਨਾਂ ਦਾ ਅਣਮਿੱਥੇ ਸਮੇਂ ਦਾ ਮੋਰਚਾ ਤੀਜੇ ਦਿਨ ਵੀ ਜਾਰੀ, ਸਰਕਾਰ ਨੂੰ ਚੇਤਾਵਨੀ-** ਕਿਸਾਨੀ ਮੰਗਾਂ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਪੰਜਾਬ ਭਰ ਦੇ ਡੀਸੀ ਦਫ਼ਤਰਾਂ ਦੇ ਬਾਹਰ ਸ਼ੁਰੂ ਕੀਤਾ ਗਿਆ ਅਣਮਿੱਥੇ ਸਮੇਂ ਦਾ ਧਰਨਾ ਪ੍ਰਦਰਸ਼ਨ ਲਗਾਤਾਰ ਜਾਰੀ ਹੈ। ਪਟਿਆਲਾ ਜ਼ਿਲ੍ਹੇ ਵਿੱਚ ਵੀ ਕਿਸਾਨ ਜਥੇਬੰਦੀ ਵੱਲੋਂ ਇਹ ਧਰਨਾ ਅੱਜ ਤੀਜੇ ਦਿਨ ਵਿੱਚ ਦਾਖ਼ਲ ਹੋ ਗਿਆ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਪਟਿਆਲਾ ਜ਼ਿਲ੍ਹਾ ਜਨਰਲ ਸਕੱਤਰ ਸੁਖਵਿੰਦਰ ਸਿੰਘ ਬਾਰਨਾ ਨੇ ਦੱਸਿਆ ਕਿ ਕਿਸਾਨ ਜਥੇਬੰਦੀ ਵੱਲੋਂ ਕੁੱਲ 15 ਮੰਗਾਂ ਨੂੰ ਲੈ ਕੇ ਸੰਘਰਸ਼ ਕੀਤਾ ਜਾ ਰਿਹਾ ਹੈ। ਇਨ੍ਹਾਂ ਵਿੱਚੋਂ 13 ਮੰਗਾਂ ਸੂਬਾ ਪੱਧਰ ਦੀਆਂ, ਜਦਕਿ 2 ਮੰਗਾਂ ਪਟਿਆਲਾ ਜ਼ਿਲ੍ਹੇ ਨਾਲ ਸਬੰਧਤ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਮੰਗਾਂ ਵਿੱਚ ਕੁਝ ਮਸਲੇ ਕੇਂਦਰ ਸਰਕਾਰ ਨਾਲ ਸਬੰਧਤ ਹਨ, ਜਦਕਿ ਕਈ ਮੰਗਾਂ ਪੰਜਾਬ ਸਰਕਾਰ ਨਾਲ ਜੁੜੀਆਂ ਹੋਈਆਂ ਹਨ। ਕਿਸਾਨ ਆਗੂ ਨੇ ਕਿਹਾ ਕਿ ਪਟਿਆਲਾ ਜ਼ਿਲ੍ਹੇ ਦੇ ਡੀਸੀ ਨਾਲ ਮੀਟਿੰਗ ਹੋ ਚੁੱਕੀ ਹੈ, ਪਰ ਹਾਲੇ ਤੱਕ ਇਸ ਮੀਟਿੰਗ ਦਾ ਕੋਈ ਠੋਸ ਅਤੇ ਸਾਰਥਕ ਨਤੀਜਾ ਸਾਹਮਣੇ ਨਹੀਂ ਆਇਆ। ਸੁਖਵਿੰਦਰ ਸਿੰਘ ਬਾਰਨਾ ਨੇ ਸਪੱਸ਼ਟ ਕੀਤਾ ਕਿ ਸਰਕਾਰ ਨਾਲ ਗੱਲਬਾਤ ਤਾਂ ਹੋ ਰਹੀ ਹੈ, ਪਰ ਕਿਸਾਨਾਂ ਦੀਆਂ ਮੁੱਖ ਮੰਗਾਂ ਹੱਲ ਹੋਣ ਦੇ ਨੇੜੇ ਵੀ ਨਹੀਂ ਪਹੁੰਚੀਆਂ।

## ਅਕਾਲੀ ਦਲ ਨਾਲ ਗਠਜੋੜ ਦੀਆਂ ਚਰਚਾਵਾਂ ਵਿਚਾਲੇ ਭਾਜਪਾ ਦਾ ਫਿਰ 'ਯੂ-ਟਰਨ'



**ਚੰਡੀਗੜ੍ਹ, 1 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ-ਭਾਜਪਾ ਗਠਜੋੜ ਦੀਆਂ ਚੱਲ ਰਹੀ ਚਰਚਾ ਵਿਚਕਾਰ ਜਲੰਧਰ ਪਹੁੰਚੇ ਭਾਜਪਾ ਦੇ ਕੌਮੀ ਜਨਰਲ ਸਕੱਤਰ ਅਤੇ ਪੰਜਾਬ ਦੇ ਇੰਚਾਰਜ ਡਾ. ਸਤੀਸ਼ ਪੂਨੀਆ ਨੇ ਇਕ ਵਾਰ ਫਿਰ ਸਪੱਸ਼ਟ ਕੀਤਾ ਹੈ ਕਿ ਭਾਜਪਾ ਪੰਜਾਬ ਵਿਚ ਸਾਰੀਆਂ 117 ਵਿਧਾਨ ਸਭਾ ਸੀਟਾਂ 'ਤੇ ਇਕੱਲਿਆਂ ਚੋਣ ਲੜੇਗੀ। ਇਸ ਲਈ ਭਾਜਪਾ ਵੱਲੋਂ ਪਾਰਟੀ ਨੂੰ ਬੂਥ ਪੱਧਰ 'ਤੇ ਮਜ਼ਬੂਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੀਆਂ ਨੀਤੀਆਂ ਅਤੇ ਪ੍ਰਧਾਨ ਮੰਤਰੀ ਦੀ ਅਗਾਂਹਵਧੂ ਸੋਚ ਨੂੰ ਘਰ ਘਰ ਪਹੁੰਚਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 25 ਸਾਲਾਂ ਲੋਕਾਂ ਦੀ ਸੇਵਾ ਕੀਤੀ ਹੈ, ਜਿਸ ਵਿਚ ਗੁਜਰਾਤ ਦੇ ਮੁੱਖ ਮੰਤਰੀ ਦੇ ਅਹੁਦੇ 'ਤੇ ਤਾਇਨਾਤ ਰਹਿੰਦਿਆਂ ਵੀ ਉਹ ਲੋਕਾਂ ਦੀ ਸੇਵਾ ਕਰਦੇ ਰਹੇ ਅਤੇ ਹੁਣ 12 ਸਾਲਾਂ ਤੋਂ ਪ੍ਰਧਾਨ ਮੰਤਰੀ ਵਜੋਂ ਦੇਸ਼ ਵਾਸੀਆਂ ਦੀ ਸੇਵਾ ਕਰ ਰਹੇ ਹਨ। ਅਜਿਹੇ ਵਿਚ ਪ੍ਰਧਾਨ ਮੰਤਰੀ ਵੱਲੋਂ ਜਾਰੀ ਯੋਜਨਾਵਾਂ ਨੇ ਲੋਕਾਂ ਦਾ ਜੀਵਨ ਬਦਲ ਦਿੱਤਾ ਹੈ। ਉਨ੍ਹਾਂ ਕਿਹਾ ਕਿ 2026 ਵਿਚ ਪ੍ਰਧਾਨ ਮਤੰਰੀ ਦੇ 25 ਸਾਲ ਪੂਰੇ ਹੋਣਗੇ। ਇਸ ਦੇ ਚੱਲਦੇ ਸਮਾਜਿਕ ਕੰਮਕਾਜ ਕੀਤੇ ਜਾਣਗੇ। ਇਸੇ ਸਿਲਸਿਲੇ ਨੂੰ ਲੈ ਕੇ ਅੱਜ ਜਲੰਧਰ ਵਿਚ ਆਗੂਆਂ ਅਤੇ ਵਰਕਰਾਂ ਨਾਲ ਮੀਟਿੰਗ ਕੀਤੀ ਗਈ ਹੈ। ਦੂਜੇ ਪਾਸੇ ਸੱਜਣ ਸਿੰਘ ਦੇ ਘਰ ਸ਼ਰਧਾਂਜਲੀ ਦੇਣ ਗਏ ਭਾਜਪਾ ਦੇ ਤਿੰਨ ਸੰਸਦ ਮੈਂਬਰਾਂ ਨੂੰ ਲੈ ਕੇ ਸਤੀਸ਼ ਪੂਨੀਆ ਨੇ ਕਿਹਾ ਕਿ ਕਾਂਗਰਸ ਪਾਰਟੀ ਸਿੱਖਾਂ ਦੇ ਕਤਲੇਆਮ ਲਈ ਜ਼ਿੰਮੇਵਾਰ ਹੈ। ਪਾਰਟੀ ਨੇ ਸੱਜਣ ਸਿੰਘ ਦੇ ਘਰ ਜਾਣ ਲਈ ਤਿੰਨ ਸੰਸਦ ਮੈਂਬਰਾਂ ਦੀ ਨਿੰਦਾ ਕੀਤੀ ਹੈ। ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨੇ ਵੀ ਉਨ੍ਹਾਂ ਨੂੰ ਫਟਕਾਰ ਲਗਾਈ ਹੈ।

# ਲੰਗਰ ਸੇਵਾ 5 ਸਤੰਬਰ ਦਿਨ ਸ਼ਨੀਵਾਰ ਨੂੰ



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਵੱਲੋਂ ਪੰਥਕ ਅਕਾਲੀ ਦਲ ਦੇ ਸਮੂਹ ਅਹੁਦੇਦਾਰਾਂ ਰਾਜਨੀਤਿਕ ਧਾਰਮਿਕ ਅਤੇ ਕਿਸਾਨ ਵਿੰਗ ਦੇ ਸਾਰੇ ਪ੍ਰਧਾਨਾਂ ਨੂੰ ਜਰੂਰੀ ਤਾਕੀਦ ਹੈ ਕਿ ਆਪੋ-ਆਪਣੇ ਜ਼ਿਲ੍ਹਾ ਪ੍ਰਧਾਨਾਂ ਅਤੇ ਹੋਰ ਅਹੁਦੇਦਾਰਾਂ ਨੂੰ ਬੇਨਤੀ ਕਰਕੇ 5 ਸਤੰਬਰ ਨੂੰ ਠੀਕ 9 ਵਜੇ ਸ੍ਰੀ ਅੰਮ੍ਰਿਤਸਰ ਸਾਹਿਬ ਲੰਗਰ ਹਾਲ ਵਿਖੇ ਪਹੁੰਚਣ ਦੀ ਕਿਰਪਾਲਤਾ ਕਰਨੀ ਤਾਂ ਕਿ ਹਰ ਮਹੀਨੇ ਦੀ ਤਰ੍ਹਾਂ ਸ੍ਰੀ ਗੁਰੂ ਰਾਮਦਾਸ ਮਹਾਰਾਜ ਦੀਆਂ ਖੁਸ਼ੀਆਂ ਪ੍ਰਾਪਤ ਕਰ ਸਕੀਏ।

**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ**
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ



ਜਾਰੀ ਕਰਤਾ : **ਜਥੇਦਾਰ ਦਲੀਪ ਸਿੰਘ ਚਕਰ**
ਕਨਵੀਨਰ ਪੰਥਕ ਅਕਾਲੀ ਦਲ, +91 99146 00715

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ — ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ / Naam Japo
ਕਿਰਤ ਕਰੋ / Kirat Karo
ਵੰਡ ਛੱਕੋ / Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

## 11ਵੀਂ ਪੰਜਾਬ ਸਟੇਟ ਸਬ ਜੂਨੀਅਰ ਅਤੇ ਸੀਨੀਅਰ ਗਤਕਾ ਚੈਂਪੀਅਨਸ਼ਿਪ ਦਾ

# ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸ਼ਾਨੋ ਸ਼ੌਕਤ ਨਾਲ ਆਗਾਜ਼





**ਤਲਵੰਡੀ ਸਾਬੋ, 01 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਗੱਤਕਾ ਐਸੋਸੀਏਸ਼ਨ ਵੱਲੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ 11ਵੀਂ ਚਾਰ ਰੋਜ਼ਾ 'ਪੰਜਾਬ ਸਟੇਟ ਸਬ ਜੂਨੀਅਰ, ਜੂਨੀਅਰ ਅਤੇ ਸੀਨੀਅਰ ਗਤਕਾ ਚੈਂਪੀਅਨਸ਼ਿਪ' ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਪੰਜਾਬ ਭਰ ਦੇ ਸਾਰੇ ਜਿਲਿਆਂ ਦੇ 1000 ਤੋਂ ਵੱਧ ਖਿਡਾਰੀਆਂ ਨੇ ਭਾਗ ਲਿਆ। ਪ੍ਰੋਗਰਾਮ ਦੀ ਪ੍ਰਧਾਨਗੀ ਆਲ ਇੰਡੀਆ ਗੱਤਕਾ ਫੈਡਰੇਸ਼ਨ ਦੇ ਪ੍ਰਧਾਨ ਡਾ. ਰਜਿੰਦਰ ਸਿੰਘ ਸੋਹਲ ਨੇ ਕੀਤੀ। ਉਹਨਾਂ ਨੇ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਆਲ ਇੰਡੀਆ ਪੱਧਰ ਤੇ ਗੱਤਕਾ ਖੇਡ ਮਾਨਤਾ ਪ੍ਰਾਪਤ ਹੈ। ਸਰਕਾਰ ਵੱਲੋਂ ਸਰਕਾਰੀ ਨੌਕਰੀ ਵਿਚ ਵੀ ਪ੍ਰਮੁੱਖਤਾ ਦਿੱਤੀ ਜਾਂਦੀ ਹੈ। ਉਹਨਾਂ ਨੇ ਬੱਚਿਆਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਬੱਚਿਆਂ ਨੂੰ ਖੇਡ ਦੀ ਭਾਵਨਾ ਅਤੇ ਮਰਯਾਦਾ ਦਾ ਪਾਲਣ ਕਰਨਾ ਚਾਹੀਦਾ ਹੈ। ਉਨ੍ਹਾਂ ਏਸ ਖੇਡ ਵਿਚ ਹਿੱਸਾ ਲੈ ਰਹੇ ਸਾਰੇ ਹੀ ਬੱਚਿਆਂ ਨੂੰ ਜੀ ਆਇਆਂ ਕਿਹਾ ਕਿ ਉਹ ਆਪਣੇ ਜੀਵਨ ਵਿਚ ਗੁਰੂ ਸਾਹਿਬ ਜੀ ਦੇ ਦਰਸਾਏ ਮਾਰਗ ਤੇ ਚੱਲਣ। ਏਸ ਮੌਕੇ ਹਲਕੇ ਤਲਵੰਡੀ ਸਾਬੋ ਦੇ ਸ਼੍ਰੋਮਣੀ ਅਕਾਲੀ ਦਲ ਦੇ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ ਨੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਲਈ 50,000 ਰੁਪਏ ਦਿੰਦਿਆਂ ਕਿਹਾ ਕਿ ਉਨ੍ਹਾਂ ਨੂੰ ਵੱਧ ਚੜ੍ਹ ਕੇ ਇਸ ਖੇਡ ਨੂੰ ਪ੍ਰਫੁੱਲਤ ਕਰਨਾ ਚਾਹੀਦਾ ਹੈ। ਸ. ਬਲਜਿੰਦਰ ਸਿੰਘ, ਜਰਨਲ ਸਕੱਤਰ, ਗੱਤਕਾ ਫੈਡਰੇਸ਼ਨ ਆਫ਼ ਇੰਡੀਆ ਨੇ ਪੰਜਾਬ ਗੱਤਕਾ ਐਸੋਸੀਏਸ਼ਨ ਦੀਆਂ ਪ੍ਰਾਪਤੀਆਂ ਬਾਰੇ ਚਾਨਣਾ ਪਾਇਆ। ਉਹਨਾਂ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਟੇਕ ਸਿੰਘ ਧਨੌਲਾ ਅਤੇ ਸ਼੍ਰੋਮਣੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਜਿੰਦਰ ਸਿੰਘ ਧਾਮੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਜਿਨਾਂ ਨੇ ਇਸ ਪ੍ਰੋਗਰਾਮ ਲਈ ਪੰਜਾਬ ਗਤਕਾ ਐਸੋਸੀਏਸ਼ਨ ਦੀ ਵੱਧ ਚੜ ਕੇ ਮਦਦ ਕੀਤੀ। ਇਸ ਮੌਕੇ ਗੁਰਪ੍ਰੀਤ ਸਿੰਘ ਜੱਜਲ, ਰਘੁਵੀਰ ਸਿੰਘ ਡੇਹਲੋਂ, ਹਰਮਨ ਜੋਤ ਸਿੰਘ, ਰਾਜਵੀਰ ਸਿੰਘ, ਤਰਵਿੰਦਰ ਸਿੰਘ, ਕਾਕਾ ਸਿੰਘ ਬੁੰਗਾ ਮਸਤੂਆਣਾ ਸਾਹਿਬ, ਸ. ਨਰਿੰਦਰ ਜੀਤ ਸਿੰਘ, ਭਵਾਨੀਗੜ, ਸ. ਭੋਲਾ ਸਿੰਘ ਇੰਚਾਰਜ, ਧਰਮ ਪ੍ਰਚਾਰ ਕਮੇਟੀ, ਮਾਲਵਾ ਜੋਨ, ਸ. ਜਗਤਾਰ ਸਿੰਘ ਹੈੱਡ ਗ੍ਰੰਥੀ, ਗਿਆਨੀ ਗੁਰਜੰਟ ਸਿੰਘ ਜੀ ਗ੍ਰੰਥੀ, ਬਾਬਾ ਗੁਰਵਿੰਦਰ ਸਿੰਘ ਜੀ (ਜਥੇਦਾਰ ਪੰਜ ਪਿਆਰੇ), ਬਾਬਾ ਚਰਨਜੀਤ ਸਿੰਘ ਜਥੇਦਾਰ ਕਾਰ ਸੇਵਾ ਦਿੱਲੀ, ਸ. ਸੁੱਖਾ ਸਿੰਘ ਜਜਲ ਵੀ ਹਾਜ਼ਰ ਸਨ। ਇਸ ਮੌਕੇ ਡੀ ਐਸ ਪੀ ਸ. ਜਸਪਾਲ ਸਿੰਘ ਬਠਿੰਡਾ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਖਿਡਾਰੀਆਂ ਦਾ ਉਤਸ਼ਾਹ ਵਧਾਇਆ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਬਾਜ਼ ਸਿੰਘ ਸਿੱਧੂ ਨੇ ਕੀਤਾ ਪਿੰਡਾਂ ਦਾ ਦੌਰਾ

# ਰਾਹੁਲ ਗਾਂਧੀ ਖਿਲਾਫ ਦਰਜ਼ ਮਾਮਲੇ ਦੀ ਕੀਤੀ ਨਿੰਦਾ





ਆਵਾਜ਼ਿ ਕੌਮ AWAZE QAUM International Newspaper & WEB TV

ਤਲਵੰਡੀ ਸਾਬੋ, 01 ਸਤੰਬਰ (ਗੁਰਜੰਟ ਸਿੰਘ ਨਥੇਹਾ)- ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਪੁੱਤਰ ਅਤੇ ਕਾਂਗਰਸ ਵੱਲੋਂ ਪਿਛਲੇ ਸਮੇਂ ਤੋਂ ਹਲਕੇ 'ਚ ਸਰਗਰਮ ਨੌਜਵਾਨ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਅੱਜ ਹਲਕੇ ਦੇ ਪਿੰਡਾਂ ਦਾ ਦੌਰਾ ਕਰਦਿਆਂ ਜਿੱਥੇ ਵਰਕਰਾਂ ਤੇ ਲੋਕਾਂ ਦੇ ਨਿੱਜੀ ਪ੍ਰੋਗਰਾਮਾਂ ਚ ਹਾਜ਼ਰੀ ਭਰੀ ਉੱਥੇ ਗੱਲਬਾਤ ਦੌਰਾਨ ਉਨਾਂ ਨੇ ਉਤਰਾਖੰਡ ਚ ਰਾਹੁਲ ਗਾਂਧੀ ਖਿਲਾਫ ਦਰਜ਼ ਮਾਮਲੇ ਦੀ ਨਿੰਦਾ ਕਰਦਿਆਂ ਉਸਨੂੰ ਤੁਰੰਤ ਖਾਰਿਜ ਕਰਨ ਦੀ ਮੰਗ ਕੀਤੀ। ਪਿੰਡਾਂ ਦੇ ਦੌਰੇ ਦੌਰਾਨ ਗੁਰਬਾਜ਼ ਸਿੰਘ ਸਿੱਧੂ ਨੇ ਕਈ ਥਾਈਂ ਲੋਕ ਮੁਸ਼ਿਕਲਾਂ ਸੁਣੀਆਂ ਤੇ ਜਲਦ ਹੱਲ ਦਾ ਭਰੋਸਾ ਦਿੱਤਾ।ਦੌਰੇ ਉਪਰੰਤ ਗੱਲਬਾਤ ਕਰਦਿਆਂ ਸਿੱਧੂ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਆਪਣੇ ਫਿਰਕੂ ਏਜੰਡੇ ਨੂੰ ਲਗਾਤਾਰ ਦੇਸ਼ ਚ ਲਾਗੂ ਕਰ ਰਹੀ ਹੈ।ਉਨਾਂ ਕਿਹਾ ਕਿ ਕੁਲ ਹਿੰਦ ਕਾਂਗਰਸ ਕਮੇਟੀ ਪ੍ਰਧਾਨ ਮੱਲਿਕਾਅਰਜੁਨ ਖੜਗੇ ਦੀ ਜਨਸਭਾ ਤੋਂ ਬਾਅਦ ਉਨਾਂ ਦੀ ਸਟੇਜ ਤੇ ਸ਼ੁੱਧੀਕਰਨ ਦੇ ਨਾਂ ਤੇ ਧਾਰਮਿਕ ਆਯੋਜਨ ਕਰਵਾਉਣਾ ਅਤੇ ਲੋਕ ਸਭਾ ਚ ਵਿਰੋਧੀ ਧਿਰ ਨੇਤਾ ਰਾਹੁਲ ਗਾਂਧੀ ਖਿਲਾਫ ਉਤਰਾਖੰਡ ਭਾਜਪਾ ਸਰਕਾਰ ਵੱਲੋਂ ਬੇਬੁਨਿਆਦ ਤੱਥਾਂ ਤੇ ਆਧਾਰਿਤ ਐੱਫ.ਆਈ.ਆਰ ਦਰਜ਼ ਕਰਨਾ ਉਸੇ ਕੜੀ ਦਾ ਹਿੱਸਾ ਹੈ ਉਨਾਂ ਮੰਗ ਕੀਤੀ ਕਿ ਰਾਹੁਲ ਗਾਂਧੀ ਖਿਲਾਫ ਦਰਜ਼ ਮਾਮਲੇ ਨੂੰ ਤੁਰੰਤ ਰੱਦ ਕੀਤਾ ਜਾਵੇ ਨਹੀ ਤਾਂ ਭਾਜਪਾ ਸਰਕਾਰ ਕਾਂਗਰਸੀਆਂ ਦੇ ਨਾਲ ਨਾਲ ਲੋਕ ਰੋਹ ਦਾ ਸਾਹਮਣਾ ਕਰਨ ਲਈ ਤਿਆਰ ਰਹੇ। ਸਿੱਧੂ ਨਾਲ ਮਨਜੀਤ ਸਿੰਘ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ, ਜਗਤਾਰ ਸਿੰਘ ਨੰਬਰਦਾਰ ਭਾਗੀਵਾਂਦਰ, ਕ੍ਰਿਸ਼ਨ ਯਾਦਵ, ਹੈਪੀ ਬਹਿਮਣ, ਗੁਰਾਦਿੱਤਾ ਸਿੰਘ ਸੀਂਗੋ, ਹਰਜਿੰਦਰ ਸਿੰਘ ਜਿੰਦਾ ਜੀਵਨ ਸਿੰਘ ਵਾਲਾ, ਅੰਮ੍ਰਿਤਪਾਲ ਸਿੰਘ ਜੀਵਨ ਸਿੰਘ ਵਾਲਾ, ਦਰਸ਼ਨ ਗਿੱਲ, ਹਰਪਾਲ ਗਾਟਵਾਲੀ ਆਦਿ ਆਗੂ ਮੌਜੂਦ ਸਨ।

# ਗੁਰੂ ਨਾਨਕ ਚੇਅਰ ਨੂੰ ਮੁੜ ਸਰਗਰਮ ਕਰਨ ਦੀ ਮੰਗ, ਜੀਵਨ ਸਿੰਘ ਤਾਮਿਲ ਦੀ ਅਗਵਾਈ ਹੇਠ ਤਾਮਿਲ ਸਿੱਖ ਸੰਗਤ ਨੇ ਯੂਨੀਵਰਸਿਟੀ ਨੂੰ ਸੌਂਪਿਆ ਮੰਗ ਪੱਤਰ



**ਨਵੀਂ ਦਿੱਲੀ, 1 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**-ਤਾਮਿਲ ਸਿੱਖ ਸੰਗਤ ਅਤੇ ਤਾਮਿਲ-ਸਿੱਖ ਕਲਚਰਲ ਬ੍ਰਦਰਹੁੱਡ ਐਂਡ ਐਜੂਕੇਸ਼ਨਲ ਫਾਊਂਡੇਸ਼ਨ ਦੇ ਵਫ਼ਦ ਨੇ ਮਦੁਰਾਈ ਕਾਮਰਾਜ ਯੂਨੀਵਰਸਿਟੀ ਦੇ ਰਜਿਸਟਰਾਰ ਨਾਲ ਮੁਲਾਕਾਤ ਕਰਕੇ ਗੈਰ-ਸਰਗਰਮ 'ਗੁਰੂ ਨਾਨਕ ਚੇਅਰ' ਨੂੰ ਤੁਰੰਤ ਮੁੜ ਸਰਗਰਮ ਕਰਨ ਦੀ ਮੰਗ ਕੀਤੀ। ਵਫ਼ਦ ਦੀ ਅਗਵਾਈ ਤਾਮਿਲ ਸਿੱਖ ਸੰਗਤ ਦੇ ਸੰਸਥਾਪਕ ਸਰਦਾਰ ਜੀਵਨ ਸਿੰਘ ਤਾਮਿਲ ਨੇ ਕੀਤੀ। ਐਡਵੋਕੇਟ ਸੇਲਵਾ ਸਿੰਘ ਅਤੇ ਸਕੱਤਰ ਕੋਰਕਾਈ ਪਲਾਨੀ ਸਿੰਘ ਵੀ ਵਫ਼ਦ ਵਿੱਚ ਸ਼ਾਮਲ ਸਨ। ਵਫ਼ਦ ਨੇ ਰਜਿਸਟਰਾਰ ਨੂੰ ਮੰਗ ਪੱਤਰ ਸੌਂਪਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਬਰਾਬਰੀ, ਮਨੁੱਖਤਾ, ਭਾਈਚਾਰੇ ਅਤੇ ਸ਼ਾਂਤੀ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਲਈ ਬੇਹੱਦ ਪ੍ਰਸੰਗਿਕ ਹਨ। ਇਹ ਚੇਅਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 500ਵੇਂ ਪ੍ਰਕਾਸ਼ ਪੁਰਬ ਦੀ ਯਾਦ ਵਿੱਚ ਸਥਾਪਿਤ ਕੀਤੀ ਗਈ ਸੀ। ਵਫ਼ਦ ਨੇ ਯੂਨੀਵਰਸਿਟੀ ਪ੍ਰਸ਼ਾਸਨ ਅੱਗੇ ਤਿੰਨ ਮੁੱਖ ਮੰਗਾਂ ਰੱਖੀਆਂ। ਪਹਿਲੀ, ਗੁਰੂ ਨਾਨਕ ਚੇਅਰ ਲਈ ਤੁਰੰਤ ਯੋਗ ਕੋਆਰਡੀਨੇਟਰ ਜਾਂ ਮੁਖੀ ਨਿਯੁਕਤ ਕੀਤਾ ਜਾਵੇ। ਦੂਜੀ, ਚੇਅਰ ਅਧੀਨ ਬੰਦ ਪਈਆਂ ਅਕਾਦਮਿਕ ਗਤੀਵਿਧੀਆਂ, ਦਾਰਸ਼ਿਨਕ ਕੋਰਸਾਂ, ਖੋਜ ਕਾਰਜਾਂ ਅਤੇ ਵਿਦਿਆਰਥੀ ਸੈਮੀਨਾਰਾਂ ਨੂੰ ਮੁੜ ਸ਼ੁਰੂ ਕੀਤਾ ਜਾਵੇ। ਤੀਜੀ, ਚੇਅਰ ਨੂੰ ਨਿਯਮਤ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ ਲਈ ਸਥਾਈ ਅਕਾਦਮਿਕ ਪ੍ਰਬੰਧ ਅਤੇ ਲੋੜੀਂਦੇ ਸਰੋਤ ਮੁਹੱਈਆ ਕਰਵਾਏ ਜਾਣ। ਤਾਮਿਲ ਸਿੱਖ ਸੰਗਤ ਨੇ ਇਨ੍ਹਾਂ ਕਾਰਜਾਂ ਲਈ ਯੂਨੀਵਰਸਿਟੀ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਰਜਿਸਟਰਾਰ ਨੇ ਮੰਗ ਪੱਤਰ ਨੂੰ ਸਕਾਰਾਤਮਕ ਢੰਗ ਨਾਲ ਪ੍ਰਾਪਤ ਕਰਦਿਆਂ ਚੇਅਰ ਦੀ ਮੁੜ ਸਰਗਰਮੀ ਲਈ ਲੋੜੀਂਦੇ ਕਦਮਾਂ 'ਤੇ ਵਿਚਾਰ ਕਰਨ ਦਾ ਭਰੋਸਾ ਦਿੱਤਾ। ਵਫ਼ਦ ਨੇ ਜ਼ੋਰ ਦਿੱਤਾ ਕਿ ਗੁਰੂ ਨਾਨਕ ਸਾਹਿਬ ਦੀ ਸਰਬ-ਸਾਂਝੀ ਵਿਚਾਰਧਾਰਾ ਨੂੰ ਅਕਾਦਮਿਕ ਪੱਧਰ 'ਤੇ ਅੱਗੇ ਵਧਾਉਣ ਲਈ ਚੇਅਰ ਨੂੰ ਸਰਗਰਮ ਕਰਨਾ ਜ਼ਰੂਰੀ ਹੈ। ਇਸ ਨਾਲ ਗੁਰੂ ਨਾਨਕ ਸਾਹਿਬ ਦੀ ਵਿਚਾਰਧਾਰਾ ਸਬੰਧੀ ਖੋਜ, ਅੰਤਰ-ਧਰਮ ਸੰਵਾਦ ਅਤੇ ਵਿਦਿਆਰਥੀਆਂ ਲਈ ਅਧਿਐਨ ਦੇ ਨਵੇਂ ਮੌਕੇ ਪੈਦਾ ਹੋਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਪ੍ਰੋ. ਖਿਆਲਾ ਅਤੇ ਐਡਵੋਕੇਟ ਕਾਹਲੋਂ ਨੇ ਭਾਜਪਾ ਦੇ ਪੰਜਾਬ ਇੰਚਾਰਜ ਡਾ. ਸਤੀਸ਼ ਪੂਨੀਆ ਨਾਲ ਵਿਸ਼ੇਸ਼ ਮੁਲਾਕਾਤ ਕੀਤੀ

# ਪੰਜਾਬ ਨੂੰ ਝੂਠੇ ਪ੍ਰਚਾਰ ਦੀ ਨਹੀਂ, ਜਾਨ-ਮਾਲ ਦੀ ਗਾਰੰਟੀ ਦੀ ਲੋੜ: ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 1 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਭਗਵੰਤ ਮਾਨ ਸਰਕਾਰ ਸੂਬੇ ਦੇ ਲੋਕਾਂ ਨੂੰ ਮੁਫ਼ਤ ਸਹੂਲਤਾਂ ਦੇ ਝੂਠੇ ਇਸ਼ਤਿਹਾਰਾਂ ਰਾਹੀਂ ਗੁਮਰਾਹ ਕਰ ਰਹੀ ਹੈ, ਜਦਕਿ ਅਸਲੀਅਤ ਇਹ ਹੈ ਕਿ ਅੱਜ ਪੰਜਾਬ ਦਾ ਹਰ ਨਾਗਰਿਕ ਗੈਂਗਸਟਰਵਾਦ, ਫਿਰੌਤੀਆਂ ਅਤੇ ਵਿਗੜਦੀ ਅਮਨ-ਕਾਨੂੰਨ ਦੀ ਸਥਿਤੀ ਕਾਰਨ ਡਰ ਤੇ ਅਸੁਰੱਖਿਆ ਦੇ ਮਾਹੌਲ ਵਿੱਚ ਜੀਅ ਰਿਹਾ ਹੈ। ਪੰਜਾਬ ਨੂੰ ਅੱਜ ਇਸ਼ਤਿਹਾਰਬਾਜ਼ੀ ਦੀ ਨਹੀਂ, ਸਗੋਂ ਜਾਨ-ਮਾਲ ਦੀ ਪੱਕੀ ਗਾਰੰਟੀ ਦੀ ਲੋੜ ਹੈ। ਇਹ ਪ੍ਰਗਟਾਵਾ ਭਾਜਪਾ ਦੇ ਸੂਬਾ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਅਤੇ ਐਡਵੋਕੇਟ ਹਰਿੰਦਰ ਸਿੰਘ ਕਾਹਲੋਂ ਨੇ ਚੰਡੀਗੜ੍ਹ ਸਥਿਤ ਭਾਜਪਾ ਦਫ਼ਤਰ ਵਿਖੇ ਪਾਰਟੀ ਦੇ ਕੌਮੀ ਜਨਰਲ ਸਕੱਤਰ ਤੇ ਪੰਜਾਬ ਇੰਚਾਰਜ ਡਾ. ਸਤੀਸ਼ ਪੂਨੀਆ ਨਾਲ ਵਿਸ਼ੇਸ਼ ਮੁਲਾਕਾਤ ਦੌਰਾਨ ਕੀਤਾ। ਪ੍ਰੋ. ਖਿਆਲਾ ਨੇ ਕਿਹਾ ਕਿ ਸਰਕਾਰ ਗੈਂਗਸਟਰਾਂ ਅਤੇ ਨਸ਼ਾ ਤਸਕਰਾਂ ਦੀ ਅਸਲ ਸਪਲਾਈ ਚੇਨ ਤੋੜਨ ਦੀ ਬਜਾਏ ਮਹਿਜ਼ ਅੰਕੜਿਆਂ ਦੀ ਖੇਡ ਖੇਡ ਕੇ ਆਪਣੀ ਪਿੱਠ ਥਾਪੜ ਰਹੀ ਹੈ। ਉਨ੍ਹਾਂ ਸਰਕਾਰ ਦੇ ਦਾਅਵਿਆਂ ਦੀ ਪੋਲ ਖੋਲ੍ਹਦਿਆਂ ਕਿਹਾ ਕਿ 70 ਹਜ਼ਾਰ ਨਸ਼ਾ ਤਸਕਰਾਂ ਨੂੰ ਜੇਲ੍ਹ ਭੇਜਣ ਦਾ ਦਾਅਵਾ ਪੂਰੀ ਤਰ੍ਹਾਂ ਹਾਸੋਹੀਣਾ ਹੈ, ਕਿਉਂਕਿ ਪੰਜਾਬ ਦੀਆਂ ਜੇਲ੍ਹਾਂ ਵਿੱਚ ਕੁੱਲ ਸਮਰੱਥਾ ਹੀ ਸਿਰਫ਼ 26 ਹਜ਼ਾਰ ਕੈਦੀਆਂ ਦੀ ਹੈ। ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕੇਸਾਂ ਵਿੱਚ ਸਜ਼ਾ ਦੀ ਦਰ ਬੇਹੱਦ ਨਿਗੂਣੀ ਹੈ, ਜਿਸ ਤੋਂ ਸਰਕਾਰ ਦੀ ਗੈਰ-ਸੰਜੀਦਗੀ ਸਾਫ਼ ਝਲਕਦੀ ਹੈ। ਉਨ੍ਹਾਂ ਭ੍ਰਿਸ਼ਟਾਚਾਰ ਦੇ ਮੁੱਦੇ 'ਤੇ ਜ਼ੋਰਦਾਰ ਹਮਲਾ ਬੋਲਦਿਆਂ ਮੰਗ ਕੀਤੀ ਕਿ 'ਆਪ' ਸਰਕਾਰ ਦੇ ਮੰਤਰੀਆਂ, ਵਿਧਾਇਕਾਂ ਅਤੇ ਪ੍ਰਮੁੱਖ ਆਗੂਆਂ ਦੀਆਂ 2022 ਦੇ ਚੋਣ ਐਫੀਡੇਵਿਟਾਂ ਵਿੱਚ ਦਰਜ ਜਾਇਦਾਦਾਂ ਅਤੇ ਮੌਜੂਦਾ ਸੰਪਤੀ ਦੀ ਉੱਚ ਪੱਧਰੀ ਪਾਰਦਰਸ਼ੀ ਜਾਂਚ ਕਰਵਾਈ ਜਾਵੇ। ਜਿਨ੍ਹਾਂ ਆਗੂਆਂ ਨੇ ਆਮਦਨ ਦੇ ਸਰੋਤਾਂ ਤੋਂ ਵੱਧ ਦੌਲਤ ਇਕੱਠੀ ਕੀਤੀ ਹੈ, ਉਨ੍ਹਾਂ ਖ਼ਿਲਾਫ਼ ਸਮਰੱਥ ਜਾਂਚ ਏਜੰਸੀਆਂ ਵੱਲੋਂ ਤੁਰੰਤ ਸਖ਼ਤ ਕਾਨੂੰਨੀ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਨ 'ਤੇ ਹਾਈ ਕੋਰਟ ਦੇ ਮੁਲਾਜ਼ਮਾਂ ਨਾਲ ਸਬੰਧਤ ਫ਼ੈਸਲਿਆਂ ਨੂੰ ਕਾਨੂੰਨ ਅਨੁਸਾਰ ਇਨ-ਬਿਨ ਲਾਗੂ ਕੀਤੇ ਜਾਣ ਨੂੰ ਯਕੀਨੀ ਬਣਾਉਣ ਦੀ ਲੋੜ ਹੈ। ਉਨਾਂ ਵਿਸ਼ਵਾਸ ਦਿਵਾਇਆ ਕਿ ਪੰਜਾਬ ਭਾਜਪਾ ਮੁਲਾਜਮ ਵਰਗ ਨਾਲ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਭਾਜਪਾ ਪੰਜਾਬ ਦੇ ਕਿਸਾਨਾਂ, ਪੰਥਕ ਧਿਰਾਂ ਅਤੇ ਸਮਾਜ ਦੇ ਹਰ ਵਰਗ ਨਾਲ ਸਿੱਧਾ ਤੇ ਨਿਰੰਤਰ ਸੰਵਾਦ ਕਾਇਮ ਕਰੇਗੀ। ਪੰਜਾਬ ਹੁਣ ਡਰਾਮੇਬਾਜ਼ੀ ਨਹੀਂ, ਧਰਾਤਲ 'ਤੇ ਨਤੀਜੇ ਦੇਣ ਵਾਲੀ ਜਵਾਬਦੇਹ ਸਰਕਾਰ ਚਾਹੁੰਦਾ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਪੰਜਾਬ ਨੂੰ ਇਸ ਵੇਲੇ ਮਹਾਰਾਜਾ ਰਣਜੀਤ ਸਿੰਘ ਦੇ ਸੁਸ਼ਾਸਨ, ਨਿਆਂ ਅਤੇ ਲੋਕ-ਸੁਰੱਖਿਆ ਦੇ ਮਾਡਲ ਦੀ ਲੋੜ ਹੈ, ਜੋ ਸਿਰਫ਼ ਭਾਜਪਾ ਹੀ ਦੇ ਸਕਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## 'ਮਾਵਾਂ-ਧੀਆਂ ਸਤਿਕਾਰ ਯੋਜਨਾ' ਨੂੰ ਸਫ਼ਲ ਬਣਾਉਣ ਵਾਲੀਆਂ

# 1169 ਮਹਿਲਾ ਸਖੀਆਂ ਨੂੰ ਸ੍ਰ ਹਰਭਜਨ ਸਿੰਘ ਈ.ਟੀ.ਓ ਨੇ ਕੀਤਾ ਸਨਮਾਨਿਤ





**ਜੰਡਿਆਲਾ ਗੁਰੂ, 1 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਲੋਕ ਨਿਰਮਾਣ ਮੰਤਰੀ ਪੰਜਾਬ ਸ.ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਜੰਡਿਆਲਾ ਗੁਰੂ ਵਿਖੇ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਨੂੰ ਜ਼ਮੀਨੀ ਪੱਧਰ 'ਤੇ ਸਫ਼ਲਤਾਪੂਰਵਕ ਲਾਗੂ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੀਆਂ ਹਲਕਾ ਜੰਡਿਆਲਾ ਗੁਰੂ ਦੀਆਂ 1169 ਮਹਿਲਾ ਸਖੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦਾ ਧੰਨਵਾਦ ਕਰਦਿਆਂ ਸਨਮਾਨਿਤ ਕੀਤਾ।ਸਟਾਰ ਪੈਲੇਸ, ਜੰਡਿਆਲਾ ਗੁਰੂ ਵਿਖੇ ਕਰਵਾਏ ਗਏ ਇਸ ਸਮਾਗਮ ਦੌਰਾਨ ਮੰਤਰੀ ਸ. ਹਰਭਜਨ ਸਿੰਘ ਨੇ ਮਹਿਲਾ ਸਖੀਆਂ ਨਾਲ ਚਾਹ ਦਾ ਕੱਪ ਸਾਂਝਾ ਕੀਤਾ ਅਤੇ ਯੋਜਨਾ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਯੋਗ ਲਾਭਪਾਤਰੀਆਂ ਨੂੰ ਇਸ ਦਾ ਲਾਭ ਦਿਵਾਉਣ ਲਈ ਉਨ੍ਹਾਂ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਸ.ਹਰਭਜਨ ਸਿੰਘ ਈ.ਟੀ.ਓ.ਨੇ ਕਿਹਾ ਕਿ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਇਸ ਦਾ ਲਾਭ ਯੋਗ ਲਾਭਪਾਤਰੀਆਂ ਤੱਕ ਪਹੁੰਚਾਉਣ ਵਿੱਚ ਮਹਿਲਾ ਸਖੀਆਂ ਵੱਲੋਂ ਨਿਭਾਈ ਜਾ ਰਹੀ ਭੂਮਿਕਾ ਬੇਹੱਦ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਮਹਿਲਾ ਸਖੀਆਂ ਦੀ ਮਿਹਨਤ, ਸਹਿਯੋਗ ਅਤੇ ਸਮਰਪਣ ਸਦਕਾ ਵੱਡੀ ਗਿਣਤੀ ਵਿੱਚ ਮਾਵਾਂ-ਧੀਆਂ ਤੱਕ ਯੋਜਨਾ ਦਾ ਲਾਭ ਪਹੁੰਚਾਉਣਾ ਸੰਭਵ ਹੋਇਆ ਹੈ।ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿੱਚ ਮਹਿਲਾ ਸਖੀਆਂ ਵੱਲੋਂ ਕੁੱਲ 64,212 ਕੇਸ ਰਜਿਸਟਰ ਕੀਤੇ ਗਏ ਹਨ, ਜਿਨ੍ਹਾਂ ਵਿੱਚੋਂ 23,770 ਕੇਸ ਅਨੁਸੂਚਿਤ ਜਾਤੀ ਵਰਗ ਨਾਲ ਸਬੰਧਤ ਮਹਿਲਾਵਾਂ ਦੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਸਾਰੇ ਯੋਗ ਲਾਭਪਾਤਰੀਆਂ ਨੂੰ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਦਾ ਲਾਭ ਮਿਲ ਰਿਹਾ ਹੈ।ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਭਲਾਈ, ਸਨਮਾਨ ਅਤੇ ਆਰਥਿਕ ਸਸ਼ਕਤੀਕਰਨ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਸਰਕਾਰ ਵੱਲੋਂ ਲੋਕ ਭਲਾਈ ਦੀਆਂ ਵੱਖ-ਵੱਖ ਯੋਜਨਾਵਾਂ ਨੂੰ ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾ ਰਿਹਾ ਹੈ ਤਾਂ ਜੋ ਸਰਕਾਰੀ ਸਕੀਮਾਂ ਦਾ ਲਾਭ ਬਿਨਾਂ ਕਿਸੇ ਪਰੇਸ਼ਾਨੀ ਦੇ ਅਸਲ ਹੱਕਦਾਰਾਂ ਤੱਕ ਪਹੁੰਚ ਸਕੇ।ਉਨ੍ਹਾਂ ਕਿਹਾ ਕਿ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਮਹਿਲਾਵਾਂ ਪ੍ਰਤੀ ਸਤਿਕਾਰ, ਉਨ੍ਹਾਂ ਦੀ ਭਲਾਈ ਅਤੇ ਉਨ੍ਹਾਂ ਦੇ ਸਸ਼ਕਤੀਕਰਨ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਦਾ ਪ੍ਰਤੀਕ ਹੈ। ਉਨ੍ਹਾਂ ਯੋਜਨਾ ਨੂੰ ਸਫ਼ਲ ਬਣਾਉਣ ਵਿੱਚ ਯੋਗਦਾਨ ਪਾਉਣ ਵਾਲੀਆਂ ਸਾਰੀਆਂ ਮਹਿਲਾ ਸਖੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਮਿਹਨਤ ਅਤੇ ਸਮਰਪਣ ਸਮਾਜ ਲਈ ਪ੍ਰੇਰਣਾਦਾਇਕ ਹੈ।ਇਸ ਮੌਕੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਹਲਕਾ ਜੰਡਿਆਲਾ ਗੁਰੂ ਦੀਆਂ 1169 ਮਹਿਲਾ ਸਖੀਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਯੋਜਨਾ ਨੂੰ ਸਫ਼ਲਤਾਪੂਰਵਕ ਲਾਗੂ ਕਰਨ ਵਿੱਚ ਉਨ੍ਹਾਂ ਵੱਲੋਂ ਨਿਭਾਈ ਗਈ ਅਹਿਮ ਭੂਮਿਕਾ ਦੀ ਸ਼ਲਾਘਾ ਕੀਤੀ ਗਈ।ਇਸ ਮੌਕੇ ਮੈਡਮ ਸੁਹਿੰਦਰ ਕੌਰ, ਮਾਤਾ ਸੁਰਿੰਦਰ ਕੌਰ, ਮਹਿਲਾ ਵਿੰਗ ਤੋਂ ਮੈਡਮ ਸੀਮਾ ਸੋਢੀ, ਮੈਡਮ ਸੁਖਬੀਰ ਕੌਰ, ਮੈਡਮ ਸੁਨੈਨਾ ਰੰਧਾਵਾ, ਮੈਡਮ ਗੀਤਾ ਗਿੱਲ ਅਤੇ ਹਲਕੇ ਦੀਆਂ ਵੱਖ-ਵੱਖ ਮਹਿਲਾ ਬਲਾਕ ਪ੍ਰਧਾਨ ਵੀ ਹਾਜ਼ਰ ਸਨ।

## ਕਾਂਗਰਸ ਵਿਰੁੱਧ ਗਰਜਣ ਵਾਲੀ ਦਿੱਲੀ ਕਮੇਟੀ ਭਾਜਪਾ ਮਾਮਲੇ 'ਚ

# ਕਿਉਂ ਹੋਈ ਖਾਮੋਸ਼. ? ਸੰਤ ਮੀਤ ਸਿੰਘ ਨੇ ਘੇਰੀ ਪ੍ਰਬੰਧਕਾਂ ਦੀ ਦੋਗਲੀ ਨੀਤੀ



**ਨਵੀਂ ਦਿੱਲੀ 1 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):-** ਇਕ ਕਾਂਗਰਸੀ ਆਗੂ ਵੱਲੋਂ ਸੱਜਣ ਕੁਮਾਰ ਨੂੰ 'ਰੋਲ ਮਾਡਲ' ਕਹਿਣ 'ਤੇ ਰਾਹੁਲ ਗਾਂਧੀ ਦੇ ਘਰ ਬਾਹਰ ਮੁਜ਼ਾਹਰਾ ਕੀਤਾ ਗਿਆ, ਪਰ ਭਾਜਪਾ ਦੇ ਤਿੰਨ ਸੀਨੀਅਰ ਆਗੂਆਂ ਵੱਲੋਂ ਸੱਜਣ ਕੁਮਾਰ ਦੇ ਉਠਾਲੇ ਵਿੱਚ ਸ਼ਾਮਲ ਹੋਣ ਦੇ ਮਾਮਲੇ ਵਿੱਚ ਕਾਰਵਾਈ ਬਿਆਨ ਅਤੇ ਪੱਤਰ ਤੱਕ ਹੀ ਸੀਮਤ ਰਹੀ। ਪੰਥਕ ਦਰਦ ਸੱਚਾ ਹੈ ਤਾਂ ਵਿਰੋਧ ਵੀ ਸਿਆਸੀ ਪਾਰਟੀ ਦੇਖ ਕੇ ਨਹੀਂ ਹੋ ਸਕਦਾ। ਇਹ ਤਿੱਖਾ ਸਵਾਲ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਜਨਕਪੁਰੀ ਵਾਰਡ ਨੰਬਰ 32 ਤੋਂ ਉਮੀਦਵਾਰ ਸਰਦਾਰ ਸੰਤ ਮੀਤ ਸਿੰਘ ਨੇ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਬੰਧਕਾਂ 'ਤੇ ਪੰਥਕ ਮੁੱਦਿਆਂ ਨੂੰ ਸਿਆਸੀ ਸਹੂਲਤ ਮੁਤਾਬਕ ਵਰਤਣ ਦਾ ਦੋਸ਼ ਲਾਉਂਦਿਆਂ ਉਠਾਇਆ। ਸਰਦਾਰ ਸੰਤ ਮੀਤ ਸਿੰਘ ਨੇ ਕਮੇਟੀ ਪ੍ਰਬੰਧਕਾਂ ਨੂੰ ਸਿੱਧੇ ਸਵਾਲ ਕਰਦਿਆਂ ਕਿਹਾ, "ਤੁਹਾਡੀ ਕਮਾਂਡ ਹੇਠ ਸੱਜਣ ਕੁਮਾਰ ਇਕ ਕੇਸ ਵਿੱਚੋਂ ਬਰੀ ਕਿਵੇਂ ਹੋ ਗਿਆ ਅਤੇ ਜਗਦੀਸ਼ ਟਾਈਟਲਰ ਆਪਣਾ ਪਾਸਪੋਰਟ ਬਣਵਾਉਣ ਵਿੱਚ ਕਿਵੇਂ ਕਾਮਯਾਬ ਹੋ ਗਿਆ ?" ਜ਼ਿਕਰਯੋਗ ਹੈ ਕਿ ਜਨਵਰੀ 2026 ਵਿੱਚ ਦਿੱਲੀ ਦੀ ਰਾਊਸ ਐਵੇਨਿਊ ਕੋਰਟ ਨੇ 1984 ਦੇ ਸਿੱਖ ਕਤਲੇਆਮ ਦੌਰਾਨ ਜਨਕਪੁਰੀ ਅਤੇ ਵਿਕਾਸਪੁਰੀ ਇਲਾਕਿਆਂ ਵਿੱਚ ਹੋਏ ਸਿੱਖ ਕਤਲੇਆਮ ਦੇ ਮਾਮਲੇ ਵਿੱਚ ਸੱਜਣ ਕੁਮਾਰ ਨੂੰ ਬਰੀ ਕਰ ਦਿੱਤਾ ਸੀ। ਉਨ੍ਹਾਂ ਕਿਹਾ ਕਿ ਇਨ੍ਹਾਂ ਸਵਾਲਾਂ ਦੇ ਜਵਾਬ ਦੇਣ ਦੀ ਥਾਂ ਸਿਆਸੀ ਬਿਆਨਬਾਜ਼ੀ ਕਰਨਾ ਸੰਗਤ ਨੂੰ ਗੁੰਮਰਾਹ ਕਰਨ ਤੋਂ ਵੱਧ ਕੁਝ ਨਹੀਂ।ਉਨ੍ਹਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਪੰਥ ਦੀ ਸੰਸਥਾ ਹੈ, ਕਿਸੇ ਸਿਆਸੀ ਪਾਰਟੀ ਦੀ ਢਾਲ ਨਹੀਂ। ਜੇ ਕਾਂਗਰਸ ਦੇ ਆਗੂ ਦੇ ਬਿਆਨ 'ਤੇ ਸੜਕਾਂ 'ਤੇ ਉਤਰਨਾ ਪੰਥਕ ਫਰਜ਼ ਹੈ ਤਾਂ ਭਾਜਪਾ ਆਗੂਆਂ ਦੇ ਉਸੇ ਮਾਮਲੇ ਵਿੱਚ ਸ਼ਾਮਲ ਹੋਣ 'ਤੇ ਚੁੱਪੀ ਕਿਉਂ ? ਓਨ੍ਹਾ ਵਿਰੁੱਧ ਕਿਉਂ ਨਹੀ ਸੜਕਾਂ ਤੇ ਉਤਰ ਰਹੇ ਹੋ. ? ਉਨ੍ਹਾਂ ਕਿਹਾ ਕਿ ਅਜਿਹੇ ਦੋਹਰੇ ਮਾਪਦੰਡ ਪੰਥਕ ਸੰਸਥਾਵਾਂ ਦੀ ਸਾਖ ਅਤੇ ਸੰਗਤ ਦੇ ਭਰੋਸੇ ਨੂੰ ਠੇਸ ਪਹੁੰਚਾਉਂਦੇ ਹਨ। ਸੰਗਤ ਹੁਣ ਬਿਆਨ ਨਹੀਂ, ਇੱਕੋ ਮਾਪਦੰਡ ਅਤੇ ਸਪੱਸ਼ਟ ਜਵਾਬ ਮੰਗਦੀ ਹੈ। ਅੰਤ ਵਿਚ ਸਰਦਾਰ ਸੰਤ ਮੀਤ ਸਿੰਘ ਨੇ ਕਿਹਾ ਕਿ ਨਵੰਬਰ 1984 ਦੇ ਪੀੜਤਾਂ ਦਾ ਇਨਸਾਫ਼ ਕਿਸੇ ਪਾਰਟੀ ਦੀ ਜਾਇਦਾਦ ਨਹੀਂ ਅਤੇ ਨਾ ਹੀ ਇਸ ਮੁੱਦੇ ਨੂੰ ਵੋਟਾਂ ਜਾਂ ਸਿਆਸੀ ਰਿਸ਼ਤਿਆਂ ਦੀ ਤੱਕੜੀ ਵਿੱਚ ਤੋਲਿਆ ਜਾ ਸਕਦਾ ਹੈ। ਜੇ ਕਮੇਟੀ ਪ੍ਰਬੰਧਕ ਸੱਚਮੁੱਚ ਪੀੜਤਾਂ ਦੇ ਇਨਸਾਫ਼ ਲਈ ਵਚਨਬੱਧ ਹਨ ਤਾਂ ਕਾਂਗਰਸ ਹੋਵੇ ਜਾਂ ਭਾਜਪਾ—ਹਰ ਆਗੂ ਲਈ ਇੱਕੋ ਕਸੌਟੀ ਹੋਣੀ ਚਾਹੀਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸੱਜਣ ਕੁਮਾਰ ਦੇ ਉਠਾਲੇ 'ਤੇ ਪਹੁੰਚ ਕੇ ਸਿੱਖ ਪੰਥ ਦੇ ਜ਼ਖ਼ਮ ਕੁਰੇਦਣ ਵਾਲੇ ਭਾਜਪਾ ਮੈਂਬਰ ਹੁਣ ਮੁਆਫ਼ੀ ਤੋਂ ਕਿਉਂ ਭੱਜ ਰਹੇ ? ਬੀਬੀ ਰਣਜੀਤ ਕੌਰ



**ਨਵੀਂ ਦਿੱਲੀ 1 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):-** ਸਿੱਖ ਕਤਲੇਆਮ ਦੇ ਮੁੱਖ ਦੋਸ਼ੀਆਂ ਵਿੱਚੋਂ ਇਕ ਸੱਜਣ ਕੁਮਾਰ, ਜੋ ਉਮਰਕੈਦ ਦੀ ਸਜ਼ਾ ਭੁਗਤਦਿਆਂ ਤਿਹਾੜ ਜੇਲ੍ਹ ਅੰਦਰ ਮੌਤ ਦਾ ਸ਼ਿਕਾਰ ਹੋਇਆ, ਦੇ ਉਠਾਲੇ ਮੌਕੇ ਭਾਜਪਾ ਦੇ ਤਿੰਨ ਮੈਂਬਰਾਂ ਵੱਲੋਂ ਸ਼ਮੂਲੀਅਤ ਕੀਤੇ ਜਾਣ ਨਾਲ ਸਿੱਖ ਪੰਥ ਦੇ ਹਿਰਦੇ ਨੂੰ ਡੂੰਘੀ ਠੇਸ ਪੁੱਜੀ ਸੀ। 1984 ਦੇ ਕਤਲੇਆਮ ਦੇ ਜ਼ਖ਼ਮ ਅੱਜ ਵੀ ਸਿੱਖ ਕੌਮ ਲਈ ਅੱਲ੍ਹੇ ਹਨ ਅਤੇ ਹਜ਼ਾਰਾਂ ਬੇਗੁਨਾਹਾਂ ਦੇ ਕਤਲ ਨਾਲ ਜੁੜੇ ਇਸ ਕਾਲੇ ਦੌਰ ਦੇ ਮੁੱਖ ਦੋਸ਼ੀ ਰਹੇ ਵਿਅਕਤੀ ਦੇ ਉਠਾਲੇ ਵਿੱਚ ਸਿਆਸੀ ਆਗੂਆਂ ਦੀ ਮੌਜੂਦਗੀ ਨੂੰ ਸਿੱਖ ਸੰਗਤ ਨੇ ਬੇਹੱਦ ਗੰਭੀਰਤਾ ਨਾਲ ਲਿਆ ਸੀ। ਇਸ ਘਟਨਾ ਤੋਂ ਬਾਅਦ ਸਬੰਧਤ ਭਾਜਪਾ ਮੈਂਬਰਾਂ ਤੋਂ ਸਿੱਖ ਪੰਥ ਕੋਲੋਂ ਮੁਆਫ਼ੀ ਮੰਗਣ ਦੀ ਮੰਗ ਲਗਾਤਾਰ ਉੱਠਦੀ ਰਹੀ ਹੈ, ਪਰ ਅਜੇ ਤੱਕ ਉਨ੍ਹਾਂ ਵੱਲੋਂ ਕੌਮ ਕੋਲੋਂ ਮੁਆਫ਼ੀ ਨਾ ਮੰਗਣਾ ਪੰਥਕ ਭਾਵਨਾਵਾਂ ਨਾਲ ਬੇਰੁਖ਼ੀ ਵਜੋਂ ਦੇਖਿਆ ਜਾ ਰਿਹਾ ਹੈ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸੀਨੀਅਰ ਮੈਂਬਰ ਬੀਬੀ ਰਣਜੀਤ ਕੌਰ ਨੇ ਕਿਹਾ ਕਿ ਇਸ ਮਾਮਲੇ 'ਤੇ ਭਾਜਪਾ ਵੱਲੋਂ ਸਬੰਧਤ ਮੈਂਬਰਾਂ ਨੂੰ ਨੋਟਿਸ ਜਾਰੀ ਕੀਤਾ ਗਿਆ ਸੀ ਅਤੇ ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨੇ ਉਨ੍ਹਾਂ ਨੂੰ ਤਲਬ ਕਰਕੇ ਆਪਣੀ ਨਾਰਾਜ਼ਗੀ ਵੀ ਜ਼ਾਹਰ ਕੀਤੀ ਸੀ। ਉਨ੍ਹਾਂ ਕਿਹਾ ਕਿ ਜਦੋਂ ਪਾਰਟੀ ਪੱਧਰ 'ਤੇ ਇਸ ਘਟਨਾ ਨੂੰ ਲੈ ਕੇ ਨਾਰਾਜ਼ਗੀ ਪ੍ਰਗਟ ਹੋ ਚੁੱਕੀ ਹੈ ਤਾਂ ਸਬੰਧਤ ਮੈਂਬਰਾਂ ਦਾ ਫਰਜ਼ ਬਣਦਾ ਹੈ ਕਿ ਉਹ ਆਪਣੀ ਗਲਤੀ ਨੂੰ ਸਵੀਕਾਰ ਕਰਦਿਆਂ ਸਿੱਖ ਪੰਥ ਕੋਲੋਂ ਖੁੱਲ੍ਹੇਆਮ ਮੁਆਫ਼ੀ ਮੰਗਣ। ਬੀਬੀ ਰਣਜੀਤ ਕੌਰ ਨੇ ਕਿਹਾ ਕਿ 1984 ਦੇ ਸ਼ਹੀਦਾਂ ਅਤੇ ਪੀੜਤ ਪਰਿਵਾਰਾਂ ਦੇ ਦਰਦ ਨੂੰ ਨਜ਼ਰਅੰਦਾਜ਼ ਕਰਕੇ ਚੁੱਪ ਰਹਿਣ ਨਾਲ ਮਾਮਲਾ ਖ਼ਤਮ ਨਹੀਂ ਹੋਵੇਗਾ, ਸਗੋਂ ਪੰਥ ਅੰਦਰ ਨਾਰਾਜ਼ਗੀ ਅਤੇ ਗੁੱਸਾ ਹੋਰ ਵਧੇਗਾ। ਉਨ੍ਹਾਂ ਕਿਹਾ ਕਿ ਹੁਣ ਸਮਾਂ ਸਫ਼ਾਈਆਂ ਦੇਣ ਦਾ ਨਹੀਂ, ਸਗੋਂ ਸਿੱਖ ਕੌਮ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਬਿਨਾਂ ਕਿਸੇ ਦੇਰੀ ਦੇ ਮੁਆਫ਼ੀ ਮੰਗਣ ਦਾ ਹੈ।

# ਐਸਆਈਆਰ-2026 ਤਹਿਤ 6 ਸਤੰਬਰ ਨੂੰ ਜ਼ਿਲ੍ਹੇ ਦੇ ਸਾਰੇ 2240 ਪੋਲਿੰਗ ਸਟੇਸ਼ਨਾਂ 'ਤੇ ਲੱਗਣਗੇ ਵਿਸ਼ੇਸ਼ ਕੈਂਪ

## ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਵੱਲੋਂ ਯੋਗ ਵੋਟਰਾਂ ਨੂੰ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ



ਜੰਡਿਆਲਾ ਗੁਰੂ 1 ਸਤੰਬਰ (ਕੁਲਵੰਤ ਸਿੰਘ ਵਿਰਦੀ ) - ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਰਾਜ ਵਿੱਚ ਐੱਸ.ਆਈ.ਆਰ.-2026 ਦਾ ਮਹੱਤਵਪੂਰਨ ਕੰਮ ਚੱਲ ਰਿਹਾ ਹੈ। ਇਸ ਸਬੰਧੀ ਜਾਰੀ ਸ਼ਿਡਊਲ ਅਨੁਸਾਰ ਮਿਤੀ 13 ਅਗਸਤ 2026 ਨੂੰ ਫੋਟੋ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ ਕੀਤੀ ਜਾ ਚੁੱਕੀ ਹੈ।ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਮੁੱਢਲੀ ਵੋਟਰ ਸੂਚੀ ਸਬੰਧੀ ਦਾਅਵੇ ਅਤੇ ਇਤਰਾਜ 13 ਅਗਸਤ 2026 ਤੋਂ 12 ਸਤੰਬਰ 2026 ਤੱਕ ਦਾਇਰ ਕੀਤੇ ਜਾ ਸਕਦੇ ਹਨ। ਵੋਟਰ ਆਪਣੇ ਦਾਅਵੇ ਅਤੇ ਇਤਰਾਜ ਸਬੰਧੀ ਫਾਰਮ ਨੰਬਰ 6, 6-ਏ, 7 ਅਤੇ 8 ਆਨਲਾਈਨ ਅਤੇ ਆਫਲਾਈਨ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫਸਰ ਅਤੇ ਬੀ.ਐਲ.ਓ. ਕੋਲ ਜਮ੍ਹਾਂ ਕਰਵਾ ਸਕਦੇ ਹਨ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਐਸਆਈਆਰ-2026 ਤਹਿਤ ਆਮ ਜਨਤਾ ਅਤੇ ਵੋਟਰਾਂ ਤੋਂ ਦਾਅਵੇ ਅਤੇ ਇਤਰਾਜ ਪ੍ਰਾਪਤ ਕਰਨ ਲਈ 6 ਸਤੰਬਰ 2026, ਦਿਨ ਐਤਵਾਰ ਨੂੰ ਸਵੇਰੇ 10:00 ਵਜੇ ਤੋਂ ਸ਼ਾਮ 4:00 ਵਜੇ ਤੱਕ ਜ਼ਿਲ੍ਹੇ ਦੇ ਸਾਰੇ 2240 ਪੋਲਿੰਗ ਸਟੇਸ਼ਨਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਇਨ੍ਹਾਂ ਕੈਂਪਾਂ ਦੌਰਾਨ ਸਾਰੇ ਬੀ.ਐਲ.ਓ. ਆਪੋ-ਆਪਣੇ ਪੋਲਿੰਗ ਬੂਥਾਂ 'ਤੇ ਹਾਜ਼ਰ ਰਹਿਣਗੇ ਅਤੇ ਵੋਟਰਾਂ ਨੂੰ ਨੋਟਿਸ ਫਾਰਮ, ਦਾਅਵੇ ਅਤੇ ਇਤਰਾਜ ਦਾਇਰ ਕਰਨ ਸਬੰਧੀ ਲੋੜੀਂਦੀ ਜਾਣਕਾਰੀ ਅਤੇ ਸਹਾਇਤਾ ਪ੍ਰਦਾਨ ਕਰਨਗੇ।ਉਨ੍ਹਾਂ ਦੱਸਿਆ ਕਿ ਵਿਸ਼ੇਸ਼ ਕੈਂਪ ਦੌਰਾਨ ਜ਼ਿਲ੍ਹੇ ਦੀਆਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਵੱਲੋਂ ਨਿਯੁਕਤ ਕੀਤੇ ਗਏ ਬੂਥ ਲੈਵਲ ਏਜੰਟ ਵੀ ਮੌਜੂਦ ਰਹਿਣਗੇ ਅਤੇ ਦਾਅਵਿਆਂ ਤੇ ਇਤਰਾਜਾਂ ਨਾਲ ਸਬੰਧਤ ਕੰਮ ਵਿੱਚ ਬੀ.ਐਲ.ਓਜ਼. ਨੂੰ ਸਹਿਯੋਗ ਦੇਣਗੇ। ਉਨ੍ਹਾਂ ਕਿਹਾ ਕਿ ਰਾਜਨੀਤਿਕ ਪਾਰਟੀਆਂ ਆਪਣੇ ਪਾਰਟੀ ਵਰਕਰਾਂ ਰਾਹੀਂ ਯੋਗ ਨਾਗਰਿਕਾਂ ਦੀ ਵੱਧ ਤੋਂ ਵੱਧ ਵੋਟਰ ਰਜਿਸਟ੍ਰੇਸ਼ਨ ਕਰਵਾਉਣ ਲਈ ਵੀ ਸਹਿਯੋਗ ਦੇਣ।ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਜ਼ਿਲ੍ਹੇ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਯੋਗਤਾ ਮਿਤੀ 1 ਅਕਤੂਬਰ 2026 ਦੇ ਆਧਾਰ 'ਤੇ ਜਿਸ ਨਾਗਰਿਕ ਦੀ ਉਮਰ 18 ਸਾਲ ਜਾਂ ਇਸ ਤੋਂ ਵੱਧ ਹੈ, ਉਹ ਆਪਣਾ ਨਾਮ ਵੋਟਰ ਸੂਚੀ ਵਿੱਚ ਦਰਜ ਕਰਵਾਉਣ ਲਈ ਫਾਰਮ ਨੰਬਰ 6 ਭਰ ਕੇ ਇਸ ਵਿਸ਼ੇਸ਼ ਕੈਂਪ ਦਾ ਲਾਭ ਲਵੇ। ਇਸੇ ਤਰ੍ਹਾਂ ਵੋਟਰ ਕਾਰਡ ਵਿੱਚ ਦਰਜ ਵੇਰਵਿਆਂ ਵਿੱਚ ਕਿਸੇ ਵੀ ਕਿਸਮ ਦੀ ਦਰੁੱਸਤੀ ਕਰਵਾਉਣ ਲਈ ਫਾਰਮ ਨੰਬਰ 8 ਭਰਿਆ ਜਾ ਸਕਦਾ ਹੈ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਨੇੜਲੇ ਪੋਲਿੰਗ ਸਟੇਸ਼ਨ 'ਤੇ ਲੱਗਣ ਵਾਲੇ ਵਿਸ਼ੇਸ਼ ਕੈਂਪ ਵਿੱਚ ਪਹੁੰਚ ਕੇ ਆਪਣਾ ਨਾਮ ਵੋਟਰ ਸੂਚੀ ਵਿੱਚ ਚੈੱਕ ਕਰਨ ਅਤੇ ਲੋੜ ਅਨੁਸਾਰ ਦਾਅਵੇ, ਇਤਰਾਜ ਜਾਂ ਦਰੁੱਸਤੀ ਸਬੰਧੀ ਫਾਰਮ ਜਮ੍ਹਾਂ ਕਰਵਾਉਣ। ਉਨ੍ਹਾਂ ਕਿਹਾ ਕਿ ਮਜ਼ਬੂਤ ਲੋਕਤੰਤਰ ਲਈ ਵੋਟਰ ਸੂਚੀ ਦਾ ਸਹੀ ਅਤੇ ਅਪਡੇਟ ਹੋਣਾ ਬਹੁਤ ਮਹੱਤਵਪੂਰਨ ਹੈ। ਵੋਟਰਾਂ ਨੂੰ ਹੋਰ ਜਾਣਕਾਰੀ ਲਈ ਵੋਟਰ ਹੈਲਪ ਲਾਈਨ ਨੰਬਰ 1950 'ਤੇ ਸੰਪਰਕ ਕਰਨ ਦੀ ਅਪੀਲ ਕੀਤੀ ਗਈ ਹੈ।

# ਸੁਨੀਤਾ ਗੋਇਲ ਦੀ ਅੰਤਿਮ ਅਰਦਾਸ ਤੇ ਭੇਂਟ ਕੀਤੀਆਂ ਭਾਵ ਭਿੰਨੀਆਂ ਸ਼ਰਧਾਂਜਲੀਆਂ



**ਫ਼ਿਰੋਜ਼ਪੁਰ, 31 ਅਗਸਤ (ਮਨੋਹਰ ਲਾਲ) :—** ਦੇਸ ਭਗਤ ਪਰਿਵਾਰ ਅਰੁਨ ਗੋਇਲ ਦੀ ਧਰਮ ਪਤਨੀ ਸੁਨੀਤਾ ਗੋਇਲ ਦੀ ਅੰਤਿਮ ਅਰਦਾਸ ਵਿੱਚ ਫ੍ਰੀਡਮ ਫਾਈਟਰ ਉਤਰਾਧਿਕਾਰੀ 196 ਦੇ ਆਗੂਆਂ ਨੇ ਸ਼ਿਰਕਤ ਕਰਕੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਅਕਾਲ ਪੁਰਖ ਵਾਹਿਗੁਰੂ ਅੱਗੇ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਦੀ ਅਰਦਾਸ ਬੇਨਤੀ ਕੀਤੀ। ਪਰਿਵਾਰ ਦਾ ਦੁੱਖ ਸਾਂਝਾ ਕਰਨ ਪੁੱਜੇ ਜੋਨ ਇੰਨਚਾਰਜ ਰਾਮ ਸਿੰਘ ਮਿੱਡਾ ਤੇ ਸਾਥੀਆਂ ਨੇ ਗੋਇਲ ਪਰਿਵਾਰ ਵੱਲੋਂ ਜਥੇਬੰਦੀ ਦੇ ਹਿੱਤ ਵਿਚ ਅਦਾ ਕੀਤੇ ਰੋਲ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਪ੍ਰਵੀਨ ਕੁਮਾਰ ਜਿੰਦਲ, ਮੁੱਖ ਸਕੱਤਰ ਸਤਨਾਮ ਸਿੰਘ ਲਹਿਰਾ, ਹਰੀ ਸਿੰਘ, ਸੂਬਾ ਮੀਤ ਪ੍ਰਧਾਨ ਦਰਸਨ ਸਿੰਘ ਸੋਡੇ ਵਾਲਾ, ਸੁਖਦੇਵ ਸਿੰਘ ਸੰਧੂ ਪਰੀਵਾਰ ਅਤੇ ਸਮੂਹ ਰਿਸਤੇਦਾਰ ਹਾਜਰ ਸਨ।

### ਪਿੰਡ ਦਿਆਲਗੜ੍ਹ ਜੇਜੀਆਂ 'ਚ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ

# ਕਰੀਬ 3 ਕਰੋੜ ਰੁਪਏ ਦੇ ਵਿਕਾਸ ਕਾਰਜ ਕਰਵਾਏ: ਹਰਪਾਲ ਸਿੰਘ ਚੀਮਾ




**ਦਿੜ੍ਹਬਾ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਵਿੱਤ ਮੰਤਰੀ ਅਤੇ ਦਿੜ੍ਹਬਾ ਦੇ ਵਿਧਾਇਕ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਇਸੇ ਤਹਿਤ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਪਿੰਡ ਦਿਆਲਗੜ੍ਹ ਜੇਜੀਆਂ ਵਿੱਚ ਕਰੀਬ 3 ਕਰੋੜ ਰੁਪਏ ਦੇ ਵਿਕਾਸ ਕਾਰਜ ਕਰਵਾਏ ਜਾ ਚੁੱਕੇ ਹਨ। ਉਨ੍ਹਾਂ ਅੱਜ ਪਿੰਡ ਦਾ ਦੌਰਾ ਕਰਦਿਆਂ 1.44 ਕਰੋੜ ਰੁਪਏ ਦੀ ਲਾਗਤ ਨਾਲ ਬਣੇ ਪੰਚਾਇਤ ਭਵਨ, ਦੋ ਸੜਕਾਂ ਅਤੇ ਇੱਕ ਗਲੀ ਦਾ ਉਦਘਾਟਨ ਕੀਤਾ ਅਤੇ ਇਸ ਤੋਂ ਇਲਾਵਾ ਪਿੰਡ ਦੇ ਹੋਰ ਵਿਕਾਸ ਕਾਰਜਾਂ ਲਈ 35 ਲੱਖ ਰੁਪਏ ਦੇ ਚੈੱਕ ਗ੍ਰਾਮ ਪੰਚਾਇਤ ਨੂੰ ਸੌਂਪੇ। ਇਸ ਮੌਕੇ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪਿੰਡ ਦਿਆਲਗੜ੍ਹ ਜੇਜੀਆਂ ਵਿੱਚ ਕਰੀਬ 3 ਕਰੋੜ ਰੁਪਏ ਦੇ ਵਿਕਾਸ ਕਾਰਜ ਕਰਵਾਉਣਾ ਸਰਕਾਰ ਦੀ ਪਿੰਡਾਂ ਦੇ ਵਿਕਾਸ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸੜਕਾਂ, ਪੰਚਾਇਤ ਭਵਨਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ, ਤਾਂ ਜੋ ਪਿੰਡ ਵਾਸੀਆਂ ਨੂੰ ਰੋਜ਼ਾਨਾ ਜੀਵਨ ਨਾਲ ਜੁੜੀਆਂ ਬਿਹਤਰ ਸਹੂਲਤਾਂ ਆਪਣੇ ਪਿੰਡ ਵਿੱਚ ਹੀ ਉਪਲਬਧ ਹੋ ਸਕਣ। ਵਿੱਤ ਮੰਤਰੀ ਨੇ ਕਿਹਾ ਕਿ 1.44 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤਾ ਗਿਆ ਪੰਚਾਇਤ ਭਵਨ ਅਤੇ ਬਣੀਆਂ ਸੜਕਾਂ ਤੇ ਗਲੀ ਪਿੰਡ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨਗੇ। ਉਨ੍ਹਾਂ ਕਿਹਾ ਕਿ ਮਿਆਰੀ ਸੜਕਾਂ ਨਾਲ ਆਵਾਜਾਈ ਸੁਖਾਲੀ ਹੋਣ ਦੇ ਨਾਲ-ਨਾਲ ਪਿੰਡ ਵਾਸੀਆਂ ਨੂੰ ਵੱਡੀ ਸਹੂਲਤ ਮਿਲੇਗੀ, ਜਦਕਿ ਪੰਚਾਇਤ ਭਵਨ ਪਿੰਡ ਦੇ ਪ੍ਰਸ਼ਾਸਨਿਕ ਅਤੇ ਸਾਂਝੇ ਕੰਮਾਂ ਲਈ ਲਾਹੇਵੰਦ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਅੱਜ ਪਿੰਡ ਦੇ ਹੋਰ ਵਿਕਾਸ ਕਾਰਜਾਂ ਲਈ ਦਿੱਤੇ ਗਏ 35 ਲੱਖ ਰੁਪਏ ਦੇ ਚੈੱਕ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਕਾਰਜਾਂ 'ਤੇ ਖਰਚ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਕਾਸ ਫੰਡ ਲੋਕਾਂ ਦੀਆਂ ਤਰਜੀਹਾਂ ਅਤੇ ਸਥਾਨਕ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਮੁਹੱਈਆ ਕਰਵਾਏ ਜਾ ਰਹੇ ਹਨ। ਐਡਵੋਕੇਟ ਚੀਮਾ ਨੇ ਕਿਹਾ ਕਿ ਵਿਕਾਸ ਦਾ ਅਸਲ ਮਕਸਦ ਲੋਕਾਂ ਦੀ ਜ਼ਿੰਦਗੀ ਨੂੰ ਸੁਖਾਲਾ ਬਣਾਉਣਾ ਹੈ ਅਤੇ ਸਰਕਾਰ ਵੱਲੋਂ ਇਸੇ ਸੋਚ ਨਾਲ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਲਗਾਤਾਰ ਮਜ਼ਬੂਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦਿੜ੍ਹਬਾ ਹਲਕੇ ਦੇ ਕਿਸੇ ਵੀ ਪਿੰਡ ਨੂੰ ਵਿਕਾਸ ਪੱਖੋਂ ਪਿੱਛੇ ਨਹੀਂ ਰਹਿਣ ਦਿੱਤਾ ਜਾਵੇਗਾ ਅਤੇ ਲੋਕਾਂ ਵੱਲੋਂ ਸਾਹਮਣੇ ਲਿਆਂਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਪਿੰਡਾਂ ਵਿੱਚ ਵਿਕਾਸ ਦੀ ਰਫ਼ਤਾਰ ਨੂੰ ਹੋਰ ਤੇਜ਼ ਕੀਤਾ ਜਾ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਲੋੜ ਅਨੁਸਾਰ ਨਵੇਂ ਵਿਕਾਸ ਕਾਰਜ ਸ਼ੁਰੂ ਕਰਵਾਏ ਜਾਣਗੇ। ਉਨ੍ਹਾਂ ਪਿੰਡ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਹਲਕੇ ਦੇ ਸਰਬਪੱਖੀ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਓ.ਐੱਸ.ਡੀ. ਤਪਿੰਦਰ ਸਿੰਘ ਸੋਹੀ, ਮਾਰਕਿਟ ਕਮੇਟੀ ਦਿੜ੍ਹਬਾ ਦੀ ਚੇਅਰਪਰਸਨ ਜਸਬੀਰ ਕੌਰ ਸ਼ੇਰਗਿੱਲ, ਚੇਅਰਮੈਨ ਨਗਰ ਸੁਧਾਰ ਟਰੱਸਟ ਸੰਗਰੂਰ ਪ੍ਰੀਤਮ ਸਿੰਘ ਪੀਤੂ, ਸਰਪੰਚ ਅਮਰਜੀਤ ਕੌਰ ਸ਼ੇਰਗਿੱਲ ਜੇਜੀ, ਲਖਵਿੰਦਰ ਸਿੰਘ ਜੇਜੀ ਸਮੇਤ ਗ੍ਰਾਮ ਪੰਚਾਇਤ ਦੇ ਨੁਮਾਇੰਦੇ, ਪਤਵੰਤੇ, ਪਾਰਟੀ ਵਰਕਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

**ਪਿੰਡ ਦਿਆਲਗੜ੍ਹ ਜੇਜੀਆਂ 'ਚ 1.44 ਕਰੋੜ ਰੁਪਏ ਦੀ ਲਾਗਤ ਨਾਲ ਬਣੇ ਪੰਚਾਇਤ ਭਵਨ, ਦੋ ਸੜਕਾਂ ਅਤੇ ਇੱਕ ਗਲੀ ਦਾ ਵਿੱਤ ਮੰਤਰੀ ਵੱਲੋਂ ਉਦਘਾਟਨ**

### ਜਿੱਤ-ਹਾਰ ਤੋਂ ਪਾਰ ਸਿਧਾਂਤਕ ਜੰਗ

# ਮੈਦਾਨ-ਏ-ਜੰਗ 'ਚ ਡਟਣ ਵਾਲੀ 'ਸੱਥ' ਹੀ ਪੰਜਾਬ ਦੀ ਅਸਲ ਆਵਾਜ਼



ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀਆਂ ਬੀਤੇ ਦਿਨੀਂ ਹੋਈਆਂ ਵਿਦਿਆਰਥੀ ਚੋਣਾਂ ਦੇ ਨਤੀਜਿਆਂ ਨੂੰ ਸਿਰਫ਼ ਵੋਟਾਂ ਦੀ ਗਿਣਤੀ ਜਾਂ ਕਿਸੇ ਅਹੁਦੇ ਦੀ ਜਿੱਤ-ਹਾਰ ਦੇ ਤਰਾਜ਼ੂ ਵਿੱਚ ਨਹੀਂ ਤੋਲਿਆ ਜਾ ਸਕਦਾ। ਰਾਜਨੀਤੀ ਅਤੇ ਸੰਗਰਾਮ ਦਾ ਇਤਿਹਾਸ ਗਵਾਹ ਹੈ ਕਿ ਅਸਲ ਜਿੱਤ ਕੁਰਸੀ 'ਤੇ ਬੈਠਣਾ ਨਹੀਂ, ਸਗੋਂ ਵੱਡੀਆਂ ਸ਼ਕਤੀਆਂ ਦੇ ਸਾਹਮਣੇ ਆਪਣੇ ਸਿਧਾਂਤਾਂ 'ਤੇ ਪਹਿਰਾ ਦਿੰਦਿਆਂ ਮੈਦਾਨ-ਏ-ਜੰਗ ਵਿੱਚ ਡਟੇ ਰਹਿਣਾ ਹੁੰਦਾ ਹੈ। ਕੇਂਦਰੀ ਧਿਰਾਂ ਅਤੇ ਰਵਾਇਤੀ ਸਿਆਸਤ ਦੇ ਭਾਰੀ ਦਬਾਅ ਦੇ ਬਾਵਜੂਦ 'ਸੱਥ' ਨੇ ਜਿਸ ਨਿਡਰਤਾ ਨਾਲ ਪੰਜਾਬ ਦੀ ਆਜ਼ਾਦ ਅਤੇ ਸੁਤੰਤਰ ਆਵਾਜ਼ ਬੁਲੰਦ ਕੀਤੀ ਹੈ, ਉਹ ਆਪਣੇ ਆਪ ਵਿੱਚ ਮਨੋਬਲ ਨੂੰ ਉੱਚਾ ਚੁੱਕਣ ਵਾਲੀ ਇੱਕ ਵੱਡੀ ਮਿਸਾਲ ਹੈ। 'ਸੱਥ' ਮੈਦਾਨ ਛੱਡ ਕੇ ਭੱਜੀ ਨਹੀਂ, ਸਗੋਂ ਹਿੱਕ ਤਾਣ ਕੇ ਲੜੀ ਹੈ, ਅਤੇ ਇਹ ਜਜ਼ਬਾ ਹੀ ਅਗਲੇ ਸੰਗਰਾਮ ਦੀ ਨੀਂਹ ਹੈ।

ਇਤਿਹਾਸ ਵਿੱਚ ਅਜਿਹੀਆਂ ਅਨੇਕਾਂ ਉਦਾਹਰਨਾਂ ਹਨ ਜਿੱਥੇ ਚੋਣ ਨਤੀਜੇ ਜਾਂ ਅੰਕੜੇ ਕਿਸੇ ਸ਼ਖਸੀਅਤ ਦੇ ਕੱਦ ਅਤੇ ਉਸ ਦੇ ਇਨਕਲਾਬੀ ਪ੍ਰਭਾਵ ਨੂੰ ਬਿਆਨ ਨਹੀਂ ਕਰ ਸਕਦੇ। ਉਦਾਹਰਨ ਦੇ ਤੌਰ 'ਤੇ, 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸਿੱਧੂ ਮੂਸੇਵਾਲਾ ਚੋਣ ਨਤੀਜਿਆਂ ਵਿੱਚ ਪੱਛੜ ਗਿਆ ਸੀ, ਪਰ ਕੀ ਉਸ ਹਾਰ ਨਾਲ ਉਸ ਦਾ ਜਜ਼ਬਾ, ਲੋਕਾਂ ਵਿੱਚ ਉਸ ਦਾ ਆਧਾਰ ਜਾਂ ਉਸ ਦੀ ਬੌਧਿਕ ਆਵਾਜ਼ ਘੱਟ ਗਈ? ਬਿਲਕੁਲ ਨਹੀਂ। ਚੋਣਾਂ ਦੇ ਅੰਕੜੇ ਉਸ ਦੀ ਲੋਕਪ੍ਰਿਅਤਾ ਅਤੇ ਪੰਜਾਬੀਅਤ ਪ੍ਰਤੀ ਉਸ ਦੇ ਲਗਾਅ ਨੂੰ ਮਾਪਣ ਵਿੱਚ ਨਾਕਾਮ ਰਹੇ। ਉਸ ਨੇ ਮੈਦਾਨ ਵਿੱਚ ਨਿੱਤਰ ਕੇ ਲੜਾਈ ਲੜੀ, ਅਤੇ ਅੱਜ ਵੀ ਉਹ ਕਰੋੜਾਂ ਦਿਲਾਂ 'ਤੇ ਰਾਜ ਕਰਦਾ ਹੈ। 'ਸੱਥ' ਲਈ ਵੀ ਇਹੋ ਸਬਕ ਹੈ ਕਿ ਚੋਣ ਨਤੀਜਾ ਅੰਤ ਨਹੀਂ ਹੁੰਦਾ, ਸਗੋਂ ਮੈਦਾਨ ਵਿੱਚ ਮੌਜੂਦਗੀ ਅਤੇ ਸੰਘਰਸ਼ ਹੀ ਅਸਲ ਸ਼ਕਤੀ ਹੁੰਦੀ ਹੈ।

ਇਸੇ ਤਰ੍ਹਾਂ ਹੀ, ਸ਼ਹੀਦ ਜਸਵੰਤ ਸਿੰਘ ਖਾਲੜਾ ਦੀ ਧਰਮ ਪਤਨੀ ਬੀਬੀ ਪਰਮਜੀਤ ਕੌਰ ਖਾਲੜਾ ਨੇ ਖਡੂਰ ਸਾਹਿਬ ਲੋਕ ਸਭਾ ਹਲਕੇ ਤੋਂ ਚੋਣ ਲੜੀ ਸੀ। ਸੱਤਾਧਾਰੀ ਧਿਰਾਂ ਅਤੇ ਵੋਟ-ਰਾਜਨੀਤੀ ਦੇ ਸਮੀਕਰਨਾਂ ਕਾਰਨ ਉਹ ਚੋਣ ਨਤੀਜਿਆਂ ਵਿੱਚ ਜਿੱਤ ਨਹੀਂ ਸਕੇ, ਪਰ ਕੀ ਉਸ ਨਾਲ ਮਨੁੱਖੀ ਅਧਿਕਾਰਾਂ ਅਤੇ ਪੰਥਕ ਸਿਧਾਂਤਾਂ ਲਈ ਲੜੀ ਜਾ ਰਹੀ ਉਨ੍ਹਾਂ ਦੀ ਲੜਾਈ ਕਮਜ਼ੋਰ ਹੋਈ? ਬਿਲਕੁਲ ਨਹੀਂ। ਉਨ੍ਹਾਂ ਦਾ ਮੈਦਾਨ ਵਿੱਚ ਉੱਤਰਨਾ ਅਤੇ ਆਪਣੀ ਆਵਾਜ਼ ਨੂੰ ਦਿੱਲੀ ਦੇ ਤਖ਼ਤ ਤੱਕ ਪਹੁੰਚਾਉਣਾ ਹੀ ਸਭ ਤੋਂ ਵੱਡੀ ਇਖਲਾਕੀ ਜਿੱਤ ਸੀ।

ਇੱਕ ਹੋਰ ਪ੍ਰਤੱਖ ਅਤੇ ਪ੍ਰਮਾਣਿਤ ਉਦਾਹਰਣ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਹਨ। ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੀਆਂ ਚੋਣਾਂ ਦੌਰਾਨ ਉਹ ਕਾਲਾਂਵਾਲੀ ਸੀਟ ਤੋਂ ਚੋਣ ਨਤੀਜਿਆਂ ਵਿੱਚ ਪੱਛੜ ਗਏ ਸਨ। ਪਰ ਚੋਣ ਹਾਰਨ ਦੇ ਬਾਵਜੂਦ, ਉਨ੍ਹਾਂ ਦੀ ਧਾਰਮਿਕ ਸ਼ਖ਼ਸੀਅਤ, ਪੰਥਕ ਕੱਦ ਅਤੇ ਪਿਛਲੇ ਦੋ ਦਹਾਕਿਆਂ ਤੋਂ ਵੱਧ ਸਮੇਂ ਦੀ ਨਿਰੰਤਰ ਧਰਮ ਪ੍ਰਚਾਰ ਦੀ ਸੇਵਾ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਿਆ। ਉਨ੍ਹਾਂ ਦੇ ਇਸ ਵਿਸ਼ਾਲ ਪ੍ਰਭਾਵ ਅਤੇ ਸਿਧਾਂਤਕ ਮਜ਼ਬੂਤੀ ਨੂੰ ਦੇਖਦਿਆਂ ਹੀ ਉਨ੍ਹਾਂ ਨੂੰ ਕਮੇਟੀ ਵਿੱਚ ਨੋਮੀਨੇਟਡ (ਨਾਮਜ਼ਦ) ਮੈਂਬਰ ਵਜੋਂ ਚੁਣਿਆ ਗਿਆ। ਇਹ ਘਟਨਾ ਸਪੱਸ਼ਟ ਕਰਦੀ ਹੈ ਕਿ ਜੇਕਰ ਤੁਹਾਡਾ ਕੰਮ, ਸੰਘਰਸ਼ ਅਤੇ ਸ਼ਖ਼ਸੀਅਤ ਵਜ਼ਨਦਾਰ ਹੈ, ਤਾਂ ਚੋਣਾਂ ਦਾ ਫ਼ਤਵਾ ਤੁਹਾਡੇ ਵਜੂਦ ਅਤੇ ਪ੍ਰਭਾਵ ਨੂੰ ਕਦੇ ਖ਼ਤਮ ਨਹੀਂ ਕਰ ਸਕਦਾ।

'ਸੱਥ' ਦੇ ਜੁਝਾਰੂ ਆਗੂਆਂ ਅਤੇ ਸਮਰਥਕਾਂ ਨੂੰ ਇਹ ਗੱਲ ਚੇਤੇ ਰੱਖਣੀ ਚਾਹੀਦੀ ਹੈ ਕਿ ਆਜ਼ਾਦ ਸੋਚ ਦਾ ਮੈਦਾਨ ਵਿੱਚ ਮੌਜੂਦ ਹੋਣਾ ਹੀ ਸਭ ਤੋਂ ਵੱਡੀ ਇਨਕਲਾਬੀ ਘਟਨਾ ਹੈ। ਕੇਂਦਰੀ ਓਟ ਰੱਖਣ ਵਾਲੀਆਂ ਧਿਰਾਂ ਕੋਲ ਸਿਰਫ਼ ਵੋਟਾਂ ਦਾ ਸ਼ੋਰ ਹੋ ਸਕਦਾ ਹੈ, ਪਰ 'ਸੱਥ' ਕੋਲ ਪੰਜਾਬ ਦੀ ਮਾਂ-ਜ਼ਮੀਨ, ਵਿਰਾਸਤ ਅਤੇ ਬੌਧਿਕ ਹੋਂਦ ਨੂੰ ਬਚਾਉਣ ਦਾ ਨਿਗਾਹਬਾਨ ਜਜ਼ਬਾ ਹੈ। ਮੈਦਾਨ-ਏ-ਜੰਗ ਵਿੱਚ ਲੜ ਕੇ ਹਾਰ ਜਾਣਾ, ਨਾ ਕਿ ਸਿਰਫ ਸੂਰਮਗਤੀ ਸਗੋਂ ਇਹ ਚੇਤਾਵਨੀ ਹੁੰਦੀ ਹੈ ਕਿ ਅਗਲੀ ਵਾਰ ਪੰਜਾਬ ਦੀ ਨਿਰੋਲ ਆਵਾਜ਼ ਹੋਰ ਵੀ ਬੁਲੰਦ ਹੋ ਕੇ ਸਾਹਮਣੇ ਆਵੇਗੀ।

**-ਪਰਗਟ ਸਿੰਘ ਬਲਬੇੜਾ,**
**9022000070**

**☛ ਅੰਕੜਿਆਂ ਦੀ ਮਾਤ ਤੋਂ ਵਜ਼ਨਦਾਰ ਹੈ ਜਜ਼ਬਾ**
**☛ ਸਿੱਧੂ ਮੂਸੇਵਾਲਾ, ਬੀਬੀ ਖਾਲੜਾ ਅਤੇ ਜਥੇਦਾਰ ਦਾਦੂਵਾਲ ਦੀਆਂ ਇਤਿਹਾਸਕ ਮਿਸਾਲਾਂ**

# ਸ਼੍ਰੀ ਹਜ਼ੂਰ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਕਰਕੇ ਸੰਗਤਾਂ ਵਾਪਿਸ ਆਈਆਂ




ਫ਼ਿਰੋਜ਼ਪੁਰ, 1 ਸਤੰਬਰ (ਮਨੋਹਰ ਲਾਲ) :— ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਰਜਿਸਟਰ ਗੁਰੂ ਕੀਆਂ ਸੰਗਤਾਂ ਨੂੰ ਗੁਰਧਾਮਾਂ ਦੇ ਦਰਸ਼ਨ ਦੀਦਾਰੇ ਕਰਾਉਣ ਦੇ ਉਪਰਾਲੇ ਕਰਦੀ ਰਹਿੰਦੀ ਹੈ। ਇਸ ਵਾਰ ਜਥੇਦਾਰ ਹਰਜਿੰਦਰ ਸਿੰਘ ਥਿੰਦ ਅਤੇ ਬਾਬਾ ਬਲਦੇਵ ਸਿੰਘ ਕਮੱਗਰ ਦੀ ਅਗਵਾਈ ਹੇਠ ਤਕਰੀਬਨ 150 ਬੰਦੇ ਦਾ ਜਥਾ ਹਜ਼ੂਰ ਸਾਹਿਬ ਜੀ ਦੇ ਦਰਸ਼ਨ ਦੀਦਾਰਿਆਂ ਵਾਸਤੇ ਫਿਰੋਜ਼ਪੁਰ ਤੋਂ ਆਇਆ ਸੀ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਸਤਿਗੁਰੂ ਜੀ ਨੇ ਬੜੀ ਕਿਰਪਾ ਕੀਤੀ ਸੰਗਤਾਂ ਨੂੰ ਗੁਰਧਾਮਾਂ ਦੇ ਖੁੱਲੇ ਦਰਸ਼ਨ ਦੀਦਾਰੇ ਬਖਸ਼ਿਸ਼ ਕੀਤੇ, ਅੱਜ ਸਵੇਰੇ ਪਵਿੱਤਰ ਕੜਾਹ ਪ੍ਰਸ਼ਾਦ ਦੀ ਦੇਗ ਕਰਵਾ ਕੇ ਸੰਗਤਾਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਕੋਟ—ਕੋਟ ਧੰਨਵਾਦ ਕੀਤਾ। ਸਤਿਗੁਰੂ ਜੀ ਨੇ ਜਿਥੇ ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਅਬਚਲ ਨਗਰ ਦੇ ਦਰਸ਼ਨ ਦੀਦਾਰੇ ਬਖਸ਼ੇ ਉਥੇ ਲੋਕਲ ਗੁਰਦੁਆਰਾ ਸਾਹਿਬ ਗੁਰਦੁਆਰਾ ਬਾਬਾ ਦੀਪ ਸਿੰਘ ਜੀ ਗੁਰਦੁਆਰਾ ਸੰਗਤਸਰ ਗੁਰਦੁਆਰਾ ਸ਼ਿਕਾਰ ਘਾਟ ਨਗੀਨਾ ਘਾਟ ਮਾਲ ਟਿੱਕਰੀ ਗੁਰਦੁਆਰਾ ਮਾਤਾ ਸਾਹਿਬ ਕੌਰ ਨਗੀਨਾ ਘਾਟ ਬਾਬਾ ਬੰਦਾ ਘਾਟ ਤੋਂ ਇਲਾਵਾ ਗੁਰਦੁਆਰਾ ਨਾਨਕ ਝੀਰਾ ਸਾਹਿਬ ਜੀ ਦੇ ਸਤਿਗੁਰੂ ਜੀ ਨੇ ਸੰਗਤਾਂ ਨੂੰ ਖੁੱਲੇ ਦਰਸ਼ਨ ਦੀਦਾਰੇ ਬਖਸ਼ਿਸ਼ ਕੀਤੇ। ਸੰਗਤਾਂ ਦੇ ਨਾਲ ਜਥੇਦਾਰ ਹਰਜਿੰਦਰ ਸਿੰਘ ਥਿੰਦ, ਬਾਬਾ ਬਲਦੇਵ ਸਿੰਘ ਕਮੱਗਰ ਤੋਂ ਇਲਾਵਾ ਭਾਈ ਅਵਤਾਰ ਸਿੰਘ ਫੌਜੀ, ਕਸ਼ਮੀਰ ਸਿੰਘ ਸਾਬਕਾ ਸਰਪੰਚ ਜੇ.ਈ, ਚੰਨਣ ਸਿੰਘ, ਗੁਰਬਖਸ਼ ਸਿੰਘ, ਪਿਆਰਾ ਸਿੰਘ ਪ੍ਰਧਾਨ ਦੇਵਗਨ ਪੂਰਨ ਸਿੰਘ, ਕਮਲਜੀਤ ਸਿੰਘ ਟੀਟੂ, ਗੁਰਪ੍ਰਕਾਸ਼ ਸਿੰਘ, ਬਲਜਿੰਦਰ ਸਿੰਘ, ਪਿੱਪਲ ਸਿੰਘ, ਜਗਤਾਰ ਸਿੰਘ, ਡਾਕਟਰ ਸੁਖਚੈਨ ਸਿੰਘ ਕਮੱਗਰ, ਕਿੱਕਰ ਸਿੰਘ, ਸਿੰਦਰ ਸਿੰਘ, ਕਸ਼ਮੀਰ ਸਿੰਘ, ਮਹਿੰਦਰ ਸਿੰਘ ਤੋਂ ਇਲਾਵਾ ਬਹੁਤ ਸਾਰੀਆਂ ਬੀਬੀਆਂ ਅਤੇ ਬੱਚਿਆਂ ਨੇ ਗੁਰਧਾਮਾਂ ਦੇ ਖੁੱਲੇ ਦਰਸ਼ਨ ਦੀਦਾਰੇ ਕੀਤੇ।

# ਪਿੰਡ ਨੂਰਪੁਰ ਸੇਠਾਂ ਵਿਖੇ ਪੰਚਾਇਤ ਘਰ ਦੇ ਸ਼ੈੱਡ ਦਾ ਨੀਂਹ ਪੱਥਰ ਰੱਖਿਆ



ਫ਼ਿਰੋਜ਼ਪੁਰ, 1 ਸਤੰਬਰ (ਮਨੋਹਰ ਲਾਲ) :— ਪਿੰਡ ਨੂਰਪੁਰ ਸੇਠਾਂ ਵਿਖੇ ਪਿੰਡ ਵਾਸੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਪੰਚਾਇਤ ਘਰ ਵਿਖੇ ਬਣਾਏ ਜਾਣ ਵਾਲੇ ਸ਼ੈੱਡ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਪਿੰਡ ਦੇ ਪਤਵੰਤੇ ਸੱਜਣਾਂ, ਸਮਾਜ ਸੇਵੀਆਂ, ਵੱਖ ਵੱਖ ਰਾਜਨੀਤਕ ਅਤੇ ਸਮਾਜਿਕ ਸੰਸਥਾਵਾਂ ਨਾਲ ਜੁੜੇ ਆਗੂਆਂ ਨੇ ਹਾਜ਼ਰੀ ਭਰੀ ਅਤੇ ਇਸ ਵਿਕਾਸ ਕਾਰਜ ਨੂੰ ਪਿੰਡ ਲਈ ਲਾਭਦਾਇਕ ਉਪਰਾਲਾ ਕਰਾਰ ਦਿੱਤਾ। ਇਸ ਮੌਕੇ ਸਰਪੰਚ ਜਗਦੀਪ ਸਿੰਘ ਸੰਧੂ ਨੇ ਕਿਹਾ ਕਿ ਪਿੰਡ ਨੂਰਪੁਰ ਸੇਠਾਂ ਦੇ ਵਿਕਾਸ ਕਾਰਜ ਜ਼ੋਰਾਂ—ਸ਼ੋਰਾਂ ਨਾਲ ਚੱਲ ਰਹੇ ਹਨ। ਪਿੰਡ ਦੀ ਪੰਚਾਇਤ ਵੱਲੋਂ ਲੋਕਾਂ ਦੀਆਂ ਮੁੱਢਲੀਆਂ ਲੋੜਾਂ ਅਤੇ ਲੰਬੇ ਸਮੇਂ ਤੋਂ ਚੱਲੀਆਂ ਆ ਰਹੀਆਂ ਮੰਗਾਂ ਨੂੰ ਤਰਜੀਹ ਦੇ ਕੇ ਵਿਕਾਸ ਯੋਜਨਾਵਾਂ ਨੂੰ ਅਮਲੀ ਰੂਪ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੰਡ ਦੀਆਂ ਗਲੀਆਂ, ਨਾਲੀਆਂ ਅਤੇ ਸੜਕਾਂ ਦੇ ਨਵੀਨੀਕਰਨ ਦਾ ਕੰਮ ਕੀਤਾ ਜਾ ਰਿਹਾ ਹੈ, ਜਦਕਿ ਕਈ ਸੜਕਾਂ ਦਾ ਨਵੇਂ ਸਿਰਿਓਂ ਨਿਰਮਾਣ ਵੀ ਕੀਤਾ ਗਿਆ ਹੈ। ਆਪ ਆਗੂ ਜੁਗਿੰਦਰ ਸਿੰਘ ਮਾਣਕ ਨੇ ਕਿਹਾ ਕਿ ਪਿੰਡ ਦੇ ਸਰਵਪੱਖੀ ਵਿਕਾਸ ਲਈ ਸਰਕਾਰ ਵੱਲੋਂ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ ਅਤੇ ਪੰਚਾਇਤ ਵੱਲੋਂ ਵੀ ਸਰਕਾਰੀ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਪਿੰਡ ਵਾਸੀਆਂ ਤੱਕ ਪਹੁੰਚਾਉਣ ਲਈ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦਾ ਮਕਸਦ ਸਿਰਫ਼ ਇਮਾਰਤਾਂ ਜਾਂ ਸੜਕਾਂ ਬਣਾਉਣਾ ਹੀ ਨਹੀਂ, ਸਗੋਂ ਪਿੰਡ ਵਾਸੀਆਂ ਨੂੰ ਬਿਹਤਰ ਅਤੇ ਸੁਵਿਧਾਜਨਕ ਜੀਵਨ ਲਈ ਲੋੜੀਂਦੀਆਂ ਸਾਂਝੀਆਂ ਸਹੂਲਤਾਂ ਪ੍ਰਦਾਨ ਕਰਨਾ ਹੈ। ਇਸ ਮੌਕੇ ਭਗਵਾਨ ਸਿੰਘ ਸਾਮਾ ਪ੍ਰਧਾਨ ਸ਼ਹੀਦ ਊਧਮ ਸਿੰਘ ਟਰੱਸਟ ਫਿਰੋਜ਼ਪੁਰ ਨੇ ਕਿਹਾ ਕਿ ਪਿੰਡ ਵਿੱਚ ਵਧ ਰਹੀ ਅਤੇ ਸੰਘਣੀ ਆਬਾਦੀ ਦੇ ਮੱਦੇਨਜ਼ਰ ਦੁੱਖ—ਸੁੱਖ ਦੇ ਮੌਕਿਆਂ ਦੌਰਾਨ ਸਾਂਝੀਆਂ ਥਾਵਾਂ ਦੀ ਅਹਿਮ ਮਹੱਤਤਾ ਹੁੰਦੀ ਹੈ। ਪਿੰਡ ਦੇ ਲੋਕਾਂ ਨੂੰ ਵਿਆਹਾਂ, ਸਮਾਜਿਕ ਸਮਾਗਮਾਂ, ਮੀਟਿੰਗਾਂ ਅਤੇ ਹੋਰ ਸਾਂਝੇ ਪ੍ਰੋਗਰਾਮਾਂ ਲਈ ਅਕਸਰ ਉਚਿਤ ਥਾਂ ਦੀ ਲੋੜ ਮਹਿਸੂਸ ਹੁੰਦੀ ਹੈ। ਉਨ੍ਹਾਂ ਕਿਹਾ ਕਿ ਪੰਚਾਇਤ ਘਰ ਵਿਖੇ ਇਸ ਸ਼ੈੱਡ ਦੀ ਉਸਾਰੀ ਨਾਲ ਪਿੰਡ ਵਾਸੀਆਂ ਦੀ ਚਿਰੋਕਣੀ ਮੰਗ ਪੂਰੀ ਹੋ ਜਾਵੇਗੀ ਅਤੇ ਲੋਕਾਂ ਨੂੰ ਵੱਖ—ਵੱਖ ਮੌਕਿਆਂ ਤੇ ਇਸ ਦਾ ਵੱਡਾ ਲਾਭ ਮਿਲੇਗਾ। ਪਿੰਡ ਦੇ ਸੀਨੀਅਰ ਆਗੂ ਰਘਬੀਰ ਸਿੰਘ ਭੋਲਾ ਨੇ ਕਿਹਾ ਕਿ ਪਿੰਡ ਦੇ ਵਿਕਾਸ ਲਈ ਪੰਚਾਇਤ ਅਤੇ ਪਿੰਡ ਵਾਸੀਆਂ ਦਾ ਆਪਸੀ ਸਹਿਯੋਗ ਬਹੁਤ ਜ਼ਰੂਰੀ ਹੈ। ਜਦੋਂ ਸਮਾਜ ਦੇ ਸਾਰੇ ਵਰਗ ਇਕੱਠੇ ਹੋ ਕੇ ਪਿੰਡ ਦੀ ਬਿਹਤਰੀ ਲਈ ਕੰਮ ਕਰਦੇ ਹਨ ਤਾਂ ਵਿਕਾਸ ਦੀ ਰਫ਼ਤਾਰ ਹੋਰ ਤੇਜ਼ ਹੁੰਦੀ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਨੂਰਪੁਰ ਸੇਠਾਂ ਵਿੱਚ ਭਵਿੱਖ ਵਿੱਚ ਵੀ ਲੋਕ—ਹਿੱਤ ਨਾਲ ਜੁੜੇ ਅਜਿਹੇ ਵਿਕਾਸ ਕਾਰਜ ਲਗਾਤਾਰ ਜਾਰੀ ਰਹਿਣਗੇ। ਸਮਾਗਮ ਦੌਰਾਨ ਹਾਜ਼ਰ ਕੁੰਦਨ ਸਿੰਘ ਕੰਬੋਜ ਆਗੂ ਆਮ ਆਦਮੀ ਪਾਰਟੀ ਨੇ ਕਿਹਾ ਕਿ ਪਿੰਡ ਦੀਆਂ ਸਾਂਝੀਆਂ ਥਾਵਾਂ ਅਤੇ ਜਨਤਕ ਸਹੂਲਤਾਂ ਦਾ ਵਿਕਾਸ ਸਮੇਂ ਦੀ ਮੁੱਖ ਲੋੜ ਹੈ। ਪੰਚਾਇਤ ਘਰ ਦਾ ਨਵਾਂ ਸ਼ੈੱਡ ਪਿੰਡ ਵਾਸੀਆਂ ਲਈ ਇੱਕ ਮਹੱਤਵਪੂਰਨ ਸਹੂਲਤ ਸਾਬਤ ਹੋਵੇਗਾ ਅਤੇ ਵੱਖ—ਵੱਖ ਸਮਾਜਿਕ, ਧਾਰਮਿਕ ਅਤੇ ਜਨਤਕ ਮੌਕਿਆਂ ਦੌਰਾਨ ਇਸ ਦੀ ਵਰਤੋਂ ਕੀਤੀ ਜਾ ਸਕੇਗੀ। ਇਸ ਮੌਕੇ ਜੁਗਿੰਦਰ ਸਿੰਘ ਮਾਣਕ ਪ੍ਰਧਾਨ ਯੂਥ ਵੈਲਫੇਅਰ ਕਲੱਬ, ਫੋਰਮੈਨ ਦਰਸ਼ਨ ਸਿੰਘ ਚੇਅਰਮੈਨ ਸਾਬਕਾ ਮੁਲਾਜ਼ਮ ਯੂਨੀਅਨ, ਰਘਬੀਰ ਸਿੰਘ ਭੋਲਾ ਸਰਕਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਵਰਿਆਮ ਸਿੰਘ ਪੰਚਾਇਤ ਸਕੱਤਰ, ਹਰਜਿੰਦਰ ਸਿੰਘ ਪੰਚ, ਤਿਲਕ ਰਾਜ ਪੰਚ, ਹਰਜਿੰਦਰ ਸਿੰਘ ਥਿੰਦ ਮੀਤ ਪ੍ਰਧਾਨ ਸ਼ੇਰੇ ਪੰਜਾਬ ਸਪੋਰਟਸ ਕਲੱਬ, ਅਵਤਾਰ ਸਿੰਘ ਸਾਮਾ, ਐਡਵੋਕੇਟ ਹਰਜਿੰਦਰ ਸਿੰਘ, ਅਨਵਰ ਭੱਟੀ ਪੰਚ, ਅਵਤਾਰ ਸਿੰਘ ਬੱਟੀ, ਸਵਰਨ ਸਿੰਘ ਬਿੱਟੂ ਅਤੇ ਬਾਬਾ ਕਾਬਲ ਸਿੰਘ ਸਮੇਤ ਹੋਰ ਪਤਵੰਤੇ ਸੱਜਣ ਹਾਜ਼ਰ ਸਨ। ਇਸ ਮੌਕੇ ਹਰਚਰਨ ਸਿੰਘ ਸਾਮਾ ਪ੍ਰਧਾਨ ਸ਼ੇਰੇ ਪੰਜਾਬ ਸਪੋਰਟਸ ਕਲੱਬ ਨੇ ਪਿੰਡ ਵਾਸੀ ਪਤਵੰਤਿਆਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਪਿੰਡ ਦੀ ਪੰਚਾਇਤ ਵੱਲੋਂ ਵਧੀਆ ਤੇ ਪਾਰਦਰਸ਼ੀ ਢੰਗ ਨਾਲ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।

ਬਾਬੇ ਕੇ ਫਾਰਮ ਯੂ.ਕੇ ਵਿਖੇ ਬਾਬਾ ਨੰਦ ਸਿੰਘ ਜੀ ਦੀ 83ਵੀਂ ਬਰਸੀ ਨੂੰ ਸਮਰਪਿਤ ਸਮਾਗਮਾਂ ਵਿਚ

# ਗੁਰਦੁਆਰਾ ਬਾਬੇ ਕੇ ਹਜ਼ੂਰੀ ਕੀਰਤਨੀਏ ਜਥੇ ਨੇ ਨੌ ਦਿਨ ਲਗਾਤਾਰ ਭਰੀ ਹਾਜ਼ਰੀ






**ਫ਼ਿਰੋਜ਼ਪੁਰ, 1 ਸਤੰਬਰ (ਮਨੋਹਰ ਲਾਲ)** :— ਬਾਬੇ ਕੇ ਫਾਰਮ ਯੂ.ਕੇ ਵਿਖੇ ਧੰਨ—ਧੰਨ ਬਾਬਾ ਨੰਦ ਸਿੰਘ ਜੀ ਦੀ 83ਵੀਂ ਬਰਸੀ ਨੂੰ ਸਮਰਪਿਤ 9 ਦਿਨਾਂ ਧਾਰਮਿਕ ਸਮਾਗਮ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਏ ਗਏ। ਇਸ ਸਮਾਗਮ ਦੌਰਾਨ ਗੁਰਦੁਆਰਾ ਬਾਬੇ ਕੇ ਦੇ ਹਜ਼ੂਰੀ ਕੀਰਤਨੀ ਜਥਿਆਂ, ਜਿਨ੍ਹਾਂ ਵਿੱਚ ਭਾਈ ਜੁਝਾਰ ਸਿੰਘ, ਭਾਈ ਨਿਹਾਲ ਸਿੰਘ, ਭਾਈ ਹਰਪਾਲ ਸਿੰਘ ਲਾਲੀ, ਭਾਈ ਸਿਮਰਨਜੀਤ ਸਿੰਘ, ਭਾਈ ਸੁਖਮਿੰਦਰ ਸਿੰਘ, ਭਾਈ ਪ੍ਰਿਤਪਾਲ ਸਿੰਘ, ਭਾਈ ਹਰਪ੍ਰੀਤ ਸਿੰਘ ਅਤੇ ਭਾਈ ਅਰਜਨ ਸਿੰਘ ਸ਼ਾਮਲ ਸਨ ਨੇ ਰੋਜ਼ਾਨਾ ਕਥਾ—ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਕੀਰਤਨੀ ਜਥਿਆਂ ਨੇ ਸੰਗਤ ਨੂੰ ਅੰਮ੍ਰਿਤ ਵੇਲੇ ਉੱਠ ਕੇ ਗੁਰਬਾਣੀ ਦਾ ਪਾਠ ਕਰਨ ਅਤੇ ਬਾਣੀ ਪੜ੍ਹਨ—ਸੁਣਨ ਲਈ ਪ੍ਰੇਰਿਤ ਕੀਤਾ, ਜਿਸ ਨਾਲ ਸਾਰੇ ਦੁੱਖ ਦੂਰ ਹੁੰਦੇ ਹਨ। ਉਨ੍ਹਾਂ ਨੇ ਵਾਹਿਗੁਰੂ ਜੀ ਤੇ ਭਰੋਸਾ ਰੱਖਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਪਹੁੰਚੇ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਵਾਤਾਵਰਣ ਪ੍ਰੇਮੀ ਅਤੇ ਜਥੇਦਾਰ ਬਾਬਾ ਬਲਬੀਰ ਸਿੰਘ ਮੁਖੀ ਦਲ ਪੰਥ ਬਾਬਾ ਬੁੱਢਾ ਦਲ ਅਕਾਲੀ 96 ਕਰੋੜੀ ਨੇ ਵੀ ਹਰ ਰੋਜ਼ ਕਥਾ—ਕੀਰਤਨ ਰਾਹੀਂ ਸੰਗਤਾਂ ਨੂੰ ਗੁਰਮਤਿ ਨਾਲ ਜੋੜਿਆ। ਸਮਾਗਮ ਵਿੱਚ ਪਹੁੰਚੀਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਗੁਰਸੇਵਕ ਸਿੰਘ ਚੀਮਾ ਮੋਗਾ, ਕੁਲਦੀਪ ਸਿੰਘ ਨੂਰਮਹਿਲ, ਚਰਨਜੀਤ ਸਿੰਘ ਚੰਨੀ ਖਰੜ, ਜਸਪਾਲ ਸਿੰਘ ਸ਼ਾਹਕੋਟ ਅਤੇ ਤਜਿੰਦਰ ਸਿੰਘ ਸੱਗੂ ਕੋਟਕਪੂਰਾ ਸ਼ਾਮਲ ਸਨ। ਡਾਕਟਰ ਓਮ ਨਰੈਣ ਦੂਬੇ ਗੋਲਡ ਮੈਡਲਿਸਟ ਜੋ ਪਿਛਲੇ 20 ਸਾਲਾਂ ਤੋਂ ਹੋਮਿਓਪੈਥਿਕ ਦਵਾਈਆਂ ਦੇ ਰਹੇ ਹਨ ਨੇ ਵੀ ਇਸ ਸਾਲ ਵੀ ਹਾਜ਼ਰੀ ਭਰੀ। ਸਮਾਗਮ ਦੀ ਸਫ਼ਲਤਾ ਲਈ ਬਾਬੇ ਕੇ ਫਾਰਮ ਦੀ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਸਵਰਨ ਸਿੰਘ ਸੈਬੀ, ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ, ਨਰਿੰਦਰ ਸਿੰਘ ਧੰਜਲ, ਗੁਰਮੀਤ ਸਿੰਘ ਜੰਡੂ, ਧਰਮ ਸਿੰਘ ਘਟੌੜਾ ਅਤੇ ਜਥੇਦਾਰ ਜਸਵੰਤ ਸਿੰਘ ਸੈਬੀ ਨੇ ਦਿਨ—ਰਾਤ ਸੇਵਾ ਕੀਤੀ। ਇਸ ਤੋਂ ਇਲਾਵਾ ਬਲਕਾਰ ਸਿੰਘ ਵੜੈਚ, ਅਮਰੀਕ ਸਿੰਘ ਮੀਕਾ, ਗੁਰਪ੍ਰੀਤ ਸਿੰਘ ਗੋਪੀ, ਰਘਬੀਰ ਸਿੰਘ, ਸੁਖਵਿੰਦਰ ਸਿੰਘ ਸੁਖੀ, ਬਲਦੇਵ ਸਿੰਘ ਮਲਸੀਆਂ, ਅਵਤਾਰ ਸਿੰਘ ਜੰਡੀ, ਜਗਤਾਰ ਸਿੰਘ ਘਟੌੜਾ, ਗਿਆਨੀ ਮਹਿੰਦਰ ਸਿੰਘ ਹਮਦਰਦ, ਵਿਸ਼ਵਜੀਤ ਸਿੰਘ, ਸਤ ਪ੍ਰਕਾਸ਼, ਹਰਜਿੰਦਰ ਸਿੰਘ ਸੈਬੀ ਅਤੇ ਰਾਜਾ ਨੇ ਵੀ ਤਨ—ਮਨ—ਧਨ ਨਾਲ ਸੇਵਾ ਨਿਭਾਈ। ਵੀਰ ਸੁਖਵਿੰਦਰ ਸਿੰਘ ਸੁਖੀ ਨੇ ਸਟੇਜ ਦੀ ਸੇਵਾ ਬਾਖ਼ੂਬੀ ਸੰਭਾਲੀ। ਪ੍ਰਬੰਧਕਾਂ ਨੇ ਦੇਸ਼—ਵਿਦੇਸ਼ ਅਤੇ ਖ਼ਾਸ ਕਰਕੇ ਇੰਗਲੈਂਡ ਤੋਂ ਆਈਆਂ ਸੰਗਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ। ਸੰਤ ਮਹਾਂਪੁਰਸ਼ਾਂ ਨੇ ਵੀ ਪ੍ਰਬੰਧਕਾਂ ਅਤੇ 9 ਦਿਨ ਨਿਰੰਤਰ ਲੰਗਰ ਦੀ ਸੇਵਾ ਕਰਨ ਵਾਲੀਆਂ ਬੀਬੀਆਂ, ਜਿਨ੍ਹਾਂ ਵਿੱਚ ਬੀਬੀ ਨਰਿੰਦਰ ਕੌਰ ਅਤੇ ਬੀਬੀ ਨਿਰੰਜਨ ਕੌਰ ਸ਼ਾਮਲ ਸਨ ਦੀ ਸ਼ਲਾਘਾ ਕੀਤੀ। ਸੰਗਤ ਲਈ ਗੁਰੂ ਕਾ ਲੰਗਰ, ਚਾਹ—ਕੌਫੀ ਦੇ ਲੰਗਰ ਤੋਂ ਇਲਾਵਾ ਪੀਜ਼ਾ, ਬਰਗਰ, ਨੂਡਲਜ਼, ਟਿੱਕੀ ਅਤੇ ਸਮੋਸੇ ਵਰਗੇ ਕਈ ਤਰ੍ਹਾਂ ਦੇ ਲੰਗਰ ਤਿਆਰ ਕੀਤੇ ਗਏ ਸਨ। ਆਖਰ ਵਿੱਚ ਬਾਬੇ ਕੇ ਫਾਰਮ ਦੇ ਪ੍ਰਬੰਧਕ ਜਸਵਿੰਦਰ ਸਿੰਘ ਕਾਲਾ ਨੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ ਜਿਨਾਂ ਨੇ ਹਾਜਰੀ ਬਾਬੇ ਕੇ ਫਾਰਮ ਵਿਖੇ ਲਗਾਈ ਅਤੇ ਰਾਤ—ਦਿਨ ਸੇਵਾ ਕੀਤੀ। ਇਸ ਤੋਂ ਇਲਾਵਾ ਲੰਗਰ ਵਾਲੀਆਂ ਬੀਬੀਆਂ ਦਾ ਵੀ ਤਹਿ ਦਿਲੋਂ ਧੰਨਵਾਦ ਕੀਤਾ। ਇਸ ਤੋਂ ਇਲਾਵਾ ਸੰਤਾਂ ਮਹਾਂਪੁਰਸ਼ਾਂ ਦਾ ਵੀ ਦਿਲ ਦੀਆਂ ਗਹਿਰਾਈਆਂ ਨਾਲ ਧੰਨਵਾਦ ਕੀਤਾ। ਇਸ ਤੋਂ ਇਲਾਵਾ ਇੰਗਲੈਂਡ ਦੀ ਸੰਗਤ ਦਾ ਵੀ ਧੰਨਵਾਦ ਕੀਤਾ।

ਅਮਨਦੀਪ ਹਸਪਤਾਲ ਵਿੱਚ ਮੁਫ਼ਤ ਫਾਈਬਰੋਸਕੈਨ ਕੈਂਪ

# ਵੱਡੀ ਗਿਣਤੀ ਵਿੱਚ ਲੋਕਾਂ ਨੇ ਕਰਵਾਈ ਜਾਂਚ

**ਫ਼ਿਰੋਜ਼ਪੁਰ, 01 ਸਤੰਬਰ (ਮਨੋਹਰ ਲਾਲ)** :— ਅਮਨਦੀਪ ਹਸਪਤਾਲ ਵਿਖੇ ਸੋਮਵਾਰ ਨੂੰ ਉਜਾਲਾ ਸਿਗਨਸ ਹੈਲਥਕੇਅਰ ਸਰਵਿਸਿਜ਼ ਦੇ ਸਹਿਯੋਗ ਨਾਲ ਮੁਫ਼ਤ ਫਾਈਬਰੋਸਕੈਨ ਜਾਂਚ ਕੈਂਪ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹਸਪਤਾਲ ਪ੍ਰਬੰਧਕਾਂ ਨੇ ਦੱਸਿਆ ਕਿ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਚੱਲੇ ਇਸ ਕੈਂਪ ਵਿੱਚ 200 ਤੋਂ ਵੱਧ ਮਰੀਜ਼ਾਂ ਨੇ ਆਪਣੇ ਲਿਵਰ ਦੀ ਜਾਂਚ ਕਰਵਾਈ ਅਤੇ ਮਾਹਿਰ ਡਾਕਟਰਾਂ ਤੋਂ ਸਲਾਹ ਪ੍ਰਾਪਤ ਕੀਤੀ। ਹਸਪਤਾਲ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਇਸ ਤਰ੍ਹਾਂ ਦੇ ਸਿਹਤ ਕੈਂਪ ਲੋਕਾਂ ਨੂੰ ਜਾਗਰੂਕ ਕਰਨ ਦੇ ਨਾਲ—ਨਾਲ ਗੰਭੀਰ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਕਰਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਹਸਪਤਾਲ ਵੱਲੋਂ ਭਵਿੱਖ ਵਿੱਚ ਲਗਾਏ ਜਾਣ ਵਾਲੇ ਮੁਫ਼ਤ ਸਿਹਤ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ। ਕੈਂਪ ਦੌਰਾਨ ਇੰਟਰਨਲ ਮੈਡੀਸਨ ਵਿਭਾਗ ਦੇ ਡਾ: ਚਰਨਜੀਤ ਸਿੰਘ ਅਤੇ ਡਾ: ਪ੍ਰਦੀਪ ਕੁਮਾਰ ਮਿੱਤਲ ਨੇ ਮਰੀਜ਼ਾਂ ਦੀ ਜਾਂਚ ਕੀਤੀ ਅਤੇ ਲਿਵਰ ਤੇ ਪੇਟ ਨਾਲ ਸੰਬੰਧਿਤ ਬਿਮਾਰੀਆਂ ਦੀ ਰੋਕਥਾਮ ਅਤੇ ਇਲਾਜ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਬਦਲਦੀ ਜੀਵਨ ਸ਼ੈਲੀ ਕਾਰਨ ਫੈਟੀ ਲਿਵਰ ਅਤੇ ਹੋਰ ਲਿਵਰ ਰੋਗਾਂ ਦੇ ਮਾਮਲੇ ਤੇਜ਼ੀ ਨਾਲ ਵੱਧ ਰਹੇ ਹਨ, ਇਸ ਲਈ ਸਮੇਂ ਸਿਰ ਜਾਂਚ ਕਰਵਾਉਣਾ ਬਹੁਤ ਜ਼ਰੂਰੀ ਹੈ। ਹਸਪਤਾਲ ਪ੍ਰਬੰਧਕਾਂ ਅਨੁਸਾਰ ਆਮ ਦਿਨਾਂ ਵਿੱਚ ਕਰੀਬ 4000 ਰੁਪਏ ਦੀ ਫਾਈਬਰੋਸਕੈਨ ਜਾਂਚ ਇਸ ਕੈਂਪ ਦੌਰਾਨ ਪੂਰੀ ਤਰ੍ਹਾਂ ਮੁਫ਼ਤ ਕੀਤੀ ਗਈ। ਜਾਂਚ ਲਈ ਆਧੁਨਿਕ ਏਆਈ ਆਧਾਰਿਤ ਇਕੋਸੈਂਸ ਮਿਨੀਲ਼ 430 ਮਸ਼ੀਨ ਦੀ ਵਰਤੋਂ ਕੀਤੀ ਗਈ। ਫਾਈਬਰੋਸਕੈਨ ਇੱਕ ਨਾਨ—ਇਨਵੇਸਿਵ ਜਾਂਚ ਤਕਨੀਕ ਹੈ, ਜਿਸ ਰਾਹੀਂ ਲਿਵਰ ਵਿੱਚ ਚਰਬੀ ਅਤੇ ਸਖ਼ਤੀ ਦੀ ਸਥਿਤੀ ਦਾ ਸ਼ੁਰੂਆਤੀ ਪੜਾਅ ਵਿੱਚ ਹੀ ਪਤਾ ਲਗਾਇਆ ਜਾ ਸਕਦਾ ਹੈ।



# ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਵਿੱਚ ਉਤਸ਼ਾਹ ਨਾਲ ਮਨਾਇਆ ਰਾਸ਼ਟਰੀ ਖੇਡ ਦਿਵਸ



ਫ਼ਿਰੋਜ਼ਪੁਰ, 1 ਸਤੰਬਰ (ਮਨੋਹਰ ਲਾਲ) :— ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਵਿੱਚ ਮਹਾਨ ਭਾਰਤੀ ਹਾਕੀ ਖਿਡਾਰੀ ਮੇਜਰ ਧਿਆਨ ਚੰਦ ਦੀ ਜਯੰਤੀ ਦੇ ਉਪਲੱਖ ਵਿੱਚ ਰਾਸ਼ਟਰੀ ਖੇਡ ਦਿਵਸ ਬੜੇ ਉਤਸ਼ਾਹ ਅਤੇ ਖੇਡ ਭਾਵਨਾ ਨਾਲ ਮਨਾਇਆ ਗਿਆ। ਸਕੂਲ ਦੇ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਮਹਾਸਚਿਵ ਸ਼ਿਵਮ ਸ਼ਰਮਾ ਦੀ ਦੇਖ—ਰੇਖ ਹੇਠ ਕਰਵਾਏ ਸਮਾਗਮ ਵਿੱਚ ਵਿਦਿਆਰਥੀਆਂ ਨੇ ਵੱਧ—ਚੜ੍ਹ ਕੇ ਭਾਗ ਲਿਆ। ਇਸ ਮੌਕੇ ਵਿਦਿਆਰਥੀਆਂ ਨੇ ਵੱਖ—ਵੱਖ ਦੌੜਾਂ, ਖੇਡ ਮੁਕਾਬਲਿਆਂ ਅਤੇ ਮਨੋਰੰਜਕ ਐਥਲੈਟਿਕ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਵਿਦਿਆਰਥੀਆਂ ਨੇ ਆਪਣੀ ਗਤੀ, ਚੁਸਤੀ, ਟੀਮ ਵਰਕ, ਅਨੁਸ਼ਾਸਨ ਅਤੇ ਮੁਕਾਬਲੇ ਦੀ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ, ਪੂਰੇ ਸਮਾਗਮ ਦੌਰਾਨ ਉਤਸ਼ਾਹ ਅਤੇ ਜੋਸ਼ ਦਾ ਮਾਹੌਲ ਬਣਿਆ ਰਿਹਾ। ਇਸ ਦੌਰਾਨ ਵਿਦਿਆਰਥੀਆਂ ਨੂੰ ਸਰੀਰਕ ਤੰਦਰੁਸਤੀ, ਅਨੁਸ਼ਾਸਨ, ਟੀਮ ਵਰਕ ਅਤੇ ਦ੍ਰਿੜ੍ਹਤਾ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ। ਵਿਦਿਆਰਥੀਆਂ ਦੀ ਉਤਸ਼ਾਹਪੂਰਨ ਭਾਗੀਦਾਰੀ ਨੇ ਸਮਾਗਮ ਨੂੰ ਯਾਦਗਾਰ ਬਣਾ ਦਿੱਤਾ ਅਤੇ ਖੇਡਾਂ ਰਾਹੀਂ ਸਿਹਤਮੰਦ ਤੇ ਸੰਤੁਲਿਤ ਜੀਵਨਸ਼ੈਲੀ ਅਪਣਾਉਣ ਦਾ ਸੰਦੇਸ਼ ਦਿੱਤਾ। ਪ੍ਰਿੰਸੀਪਲ ਰੇਖਾ ਪਾਸੀ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਮਹਾਸਚਿਵ ਸ਼ਿਵਮ ਸ਼ਰਮਾ ਨੇ ਸਾਰੇ ਨੌਜਵਾਨ ਖਿਡਾਰੀਆਂ ਦੀ ਉਤਸ਼ਾਹਪੂਰਨ ਭਾਗੀਦਾਰੀ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਖੇਡਾਂ ਨੂੰ ਜੀਵਨ ਦਾ ਅਹਿਮ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ।

# ਵਾਤਾਵਰਨ ਦੀ ਸਾਂਭ ਸੰਭਾਲ ਪ੍ਰੋਗਰਾਮ ਅਧੀਨ ਸੀਨੀਅਰ ਸਿਟੀਜਨ ਕੌਂਸਲ ਵੱਲੋਂ ਬੰਨ ਤੇ 800 ਪੌਦੇ ਲਗਾਏ



ਫ਼ਿਰੋਜ਼ਪੁਰ, 01 ਸਤੰਬਰ (ਮਨੋਹਰ ਲਾਲ) :— ਸੀਨੀਅਰ ਸਿਟੀਜਨ ਕੌਂਸਲ ਲਗਾਤਾਰ ਵਾਤਾਵਰਨ ਦੀ ਸਾਂਭ ਸੰਭਾਲ ਪ੍ਰੋਗਰਾਮ ਅਧੀਨ ਅੱਜ ਹਬੀਬਕੇ ਦੇ ਬੰਨ ਜਿੱਥੋਂ ਕਿ ਪਿਛਲੇ ਸਾਲ ਪਾਣੀ ਆਉਣ ਕਾਰਨ ਬੜੀ ਮੁਸ਼ਿਕਲ ਦਾ ਸਾਹਮਣਾ ਕਰਨਾ ਪਿਆ ਸੀ, ਵਿਖੇ 800 ਪੌਦੇ ਲਗਾਏ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਸੀ.ਜੇ.ਐਸ ਸਭਾ ਦੇ ਮੈਂਬਰਾਂ ਵੱਲੋਂ ਬੜੀ ਫੁਰਤੀ ਤੇ ਜੋਸ਼ ਨਾਲ ਬੰਨ ਤੇ ਪੌਦੇ ਲਗਾਏ ਜਾ ਰਹੇ ਹਨ। ਇਨ੍ਹਾਂ ਦਾ ਇਹ ਕੰਮ ਪਿਛਲੇ ਦੋ ਮਹੀਨਿਆਂ ਤੋਂ ਲਗਾਤਾਰ ਚੱਲ ਰਿਹਾ ਹੈ, ਇਸ ਕੰਮ ਲਈ ਪਾਣੀ ਦੀ ਸੇਵਾ ਕਈ ਪੰਚਾਇਤਾਂ ਵੱਲੋਂ ਪਾਣੀ ਦੀਆਂ ਟੈਂਕੀਆਂ ਭੇਜ ਕੇ ਕੀਤੀ ਜਾ ਰਹੀ ਹੈ ਤਾਂ ਜੋ ਪੌਦੇ ਸੁਕਣ ਨਾ ਤੇ ਹਰੇ ਰਹਿਣ ਤੇ ਚੱਲ ਪੈਣ। ਇਸ ਮੌਕੇ ਤੇ ਸੀਨੀਅਰ ਸਿਟੀਜਨ ਕੌਂਸਲ ਵੱਲੋਂ ਪੀ.ਡੀ. ਸ਼ਰਮਾ ਕੌਂਸਲ ਪ੍ਰਧਾਨ, ਸਵਰਨ ਸਿੰਘ ਸੁਹਾਨਾ, ਵਿਨੋਦ ਕੁਮਾਰ ਗਰੋਵਰ, ਅਵਤਾਰ ਸਿੰਘ, ਅੰਮ੍ਰਿਤ ਸੋਢੀ ਸਮੇਤ ਹੋਰ ਮੈਂਬਰਾਂ ਨੇ ਪੌਦੇ ਲੈ ਕੇ ਬੰਨ ਤੇ ਪੁੱਜੇ ਅਤੇ ਬੰਨ ਤੇ ਪੌਦੇ ਲਾਉਣ ਦਾ ਸੀ.ਜੇ.ਐਸ ਸੋਸਾਇਟੀ ਵੱਲੋਂ ਬੜੇ ਜ਼ੋਰ ਸ਼ੋਰ ਨਾਲ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਵਾਤਾਵਰਨ ਨੂੰ ਮੁੱਖ ਰੱਖ ਕੇ ਕਈ ਹੋਰ ਵੀ ਸਮਾਜ ਸੇਵੀ ਜਥੇਬੰਦੀਆਂ ਵੱਲੋਂ ਪੌਦੇ ਲਗਾਉਣ ਵਿੱਚ ਸਭਾ ਦੀ ਸਹਾਇਤਾ ਕੀਤੀ ਜਾ ਰਹੀ ਹੈ, ਜਿਸ ਨਾਲ ਹੜ੍ਹਾਂ ਦਾ ਖਤਰਾ ਵੀ ਘਟ ਜਾਂਦਾ ਹੈ ਅਤੇ ਵਾਤਾਵਰਨ ਵੀ ਸ਼ੁੱਧ ਰਹਿੰਦਾ ਹੈ। ਪੌਦੇ ਲਾਉਣ ਵਾਲੇ ਕੇ ਜੇ ਐਸ ਸਭਾ ਮੈਂਬਰਾਂ ਲਈ ਸੀਨੀਅਰ ਸਿਟੀਜਨ ਕੌਂਸਲ ਵੱਲੋਂ ਆਲੂ ਦੇ ਪਰੌਂਠੇ ਅਤੇ ਗੁਲਾਬ ਜਾਮਣਾਂ ਬੰਨ੍ਹ ਤੇ ਲੈਕੇ ਪੁੱਜੇ। ਇਸ ਮੌਕੇ ਤੇ ਵੱਡੀ ਗਿਣਤੀ ਵਿੱਚ ਸੇਵਾਦਾਰ ਮੈਂਬਰ ਹਾਜ਼ਰ ਸਨ।

# ਸੰਤ ਚੁਗੱਤ ਸਿੰਘ ਤੇ ਸੰਤ ਜੋਗਿੰਦਰ ਸਿੰਘ ਦੀ ਯਾਦ ਨੂੰ ਸਮਰਪਿਤ ਸਾਲਾਨਾ ਗੁਰਮਤਿ ਸਮਾਗਮ 8 ਤੋਂ ,9 ਸਤੰਬਰ ਨੂੰ , ਸੰਤ ਬਾਬਾ ਕਵਲਜੀਤ ਸਿੰਘ ਜੀ



ਚੌਕ ਮਹਿਤਾ,1 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)- ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੁਹ ਪ੍ਰਾਪਤ ਇਤਿਹਾਸਕ ਗੁਰਦੁਆਰਾ ਨਾਗੀਆਣਾ ਸਾਹਿਬ ਉਦੋਕੇ ਦੇ ਸੱਚਖੰਡ ਵਾਸੀ ਸੰਤ ਚੁਗੱਤ ਸਿੰਘ ਤੇ ਸੰਤ ਜੋਗਿੰਦਰ ਸਿੰਘ ਦੀ ਮਿਠੜੀ ਯਾਦ ਨੂੰ ਸਮਰਪਿਤ 12ਵਾਂ ਸਾਲਾਨਾ ਗੁਰਮਤਿ ਸਮਾਗਮ 8 ਤੇ 9 ਸਤੰਬਰ ਨੂੰ ਸ਼ਰਧਾ ਨਾਲ ਪਿੰਡ, ਐੱਨ. ਆਰ. ਆਈ. ਵੀਰਾਂ ਤੇ ਇਲਾਕੇ ਦੀ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਕੰਵਲਜੀਤ ਸਿੰਘ ਨੇ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਦੋ ਦਿਨ ਚੱਲਣ ਵਾਲੇ ਮਹਾਨ ਧਾਰਮਿਕ ਸਮਾਗਮ 'ਚ 8 ਸਤੰਬਰ ਦਿਨ ਮੰਗਲਵਾਰ ਨੂੰ ਹਾਜ਼ਰੀ ਭਰ ਰਹੇ ਕੀਰਤਨੀ ਜਥੇ ਅਤੇ ਕਥਾਵਾਚਕ ਸੰਤ੍ਰ ਬਾਬਾ ਚੁਗੱਤ ਸਿੰਘ ਗੁਰਮਤਿ ਸੰਗੀਤ ਵਿਦਿਆਲੇ ਦੇ ਵਿਦਿਆਰਥੀ, ਹਜ਼ੂਰੀ ਰਾਗੀ ਭਾਈ ਮਨਿੰਦਰ ਸਿੰਘ ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ, ਹਜ਼ੂਰੀ ਰਾਗੀ ਭਾਈ ਜੁਝਾਰ ਸਿੰਘ ਸ੍ਰੀ ਹਰਿਮੰਦਰ ਸਾਹਿਬ, ਰਾਗੀ ਭਾਈ ਸਰਬਜੀਤ ਸਿੰਘ ਪਟਨਾ ਸਾਹਿਬ ਵਾਲੇ, ਗਿਆਨੀ ਜਸਵੰਤ ਸਿੰਘ ਮੰਜੀ ਸਾਹਿਬ ਅੰਮ੍ਰਿਤਸਰ, ਸਿੰਘ ਸਾਹਿਬ ਗਿਆਨੀ ਸੰਤ ਚੁਗੱਤ ਸਿੰਘ ਤੇ ਸੰਤ ਜੋਗਿੰਦਰ ਸਿੰਘ । ਮਾਨ ਸਿੰਘ ਅੰਮ੍ਰਿਤਸਰ, ਭਾਈ ਪ੍ਰਭਜੋਤ ਸਿੰਘ ਹਜ਼ੂਰੀ ਰਾਗੀ ਗੁ. ਨਾਗੀਆਣਾ ਸਾਹਿਬ ਵਾਲੇ ਅਤੇ 9 ਸਤੰਬਰ ਦਿਨ ਬੁੱਧਵਾਰ ਨੂੰ ਹਾਜ਼ਰੀ ਭਰ ਰਹੇ ਢਾਡੀ ਜਥਾ ਭਾਈ ਸਤਨਾਮ ਸਿੰਘ ਲਾਲੂ ਘੁੰਮਣ, ਬੀਬੀ ਜਸਵੀਰ ਕੌਰ ਜੱਸ ਸੁਲਤਾਨਪੁਰ ਲੋਧੀ ਢਾਡੀ ਜਥਾ, ਕਵੀਸ਼ਰ ਭਾਈ ਮਨਜੀਤ ਸਿੰਘ ਸੋਗੀ, ਕਵੀਸ਼ਰ ਭਾਈ ਝੰਡਾ ਸਿੰਘ, ਮੰਗਲ ਸਿੰਘ ਉਦੋਕੇ ਢਾਡੀ ਭਾਈ ਕਵਲਜੀਤ ਸਿੰਘ ਜਾਹਦਪੁਰ,ਢਾਡੀ ਭਾਈ ਮਲਕੀਤ ਸਿੰਘ ਬੱਗਾ ਆਦਿ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕਰਨਗੇ ਅਤੇ ਸ਼ਾਮ 4 ਵਜੇ ਮਾਤਾ ਸੁਲੱਖਣੀ ਕਬੱਡੀ ਕਲੱਬ ਬਟਾਲਾ, ਐਮ.ਡੀ. ਲਾਇਨਜ਼ ਕਬੱਡੀ ਕਲੱਬ ਦੀਆਂ ਟੀਮਾਂ ਵਿਚਕਾਰ ਕਬੱਡੀ ਮੈਚ ਕਰਵਾਇਆ ਜਾਵੇਗਾ।

### ਇਗਲੈਂਡ ਦੀ ਧਰਤੀ ਤੇ ਬਾਬੇ ਕੇ ਫਾਰਮ ਵਿਖੇ ਅਲੌਕਿਕ ਨਗਰ ਕੀਰਤਨ ਸਜਾਇਆ

# ਵੱਡੀ ਗਿਣਤੀ 'ਚ ਸੰਤ-ਮਹਾਂਪੁਰਖਾਂ ਤੇ ਸੰਗਤਾਂ ਨੇ ਲਵਾਈ ਹਾਜ਼ਰੀ





ਫ਼ਿਰੋਜ਼ਪੁਰ, 01 ਸਤੰਬਰ (ਮਨੋਹਰ ਲਾਲ) :— ਬਾਬੇ ਕੇ ਫਾਰਮ ਇਗਲੈਂਡ ਵਿਖੇ ਧਾਰਮਿਕ ਉਤਸ਼ਾਹ ਅਤੇ ਸ਼ਰਧਾ ਨਾਲ ਭਰਪੂਰ ਇੱਕ ਵਿਸ਼ਾਲ ਅਤੇ ਅਲੌਕਿਕ ਨਗਰ ਕੀਰਤਨ ਦਾ ਆਯੋਜਨ ਕੀਤਾ ਗਿਆ। ਇਹ ਨਗਰ ਕੀਰਤਨ ਧੰਨ—ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ—ਛਾਇਆ ਹੇਠ ਪੰਜ ਪਿਆਰਿਆਂ ਅਤੇ ਪੰਜ ਨਿਸ਼ਾਨਚੀ ਸਿੰਘਾਂ ਦੇ ਝੂਲਦੇ ਨਿਸ਼ਾਨ ਸਾਹਿਬਾਨ ਦੀ ਅਗਵਾਈ ਹੇਠ ਸ਼ਾਨੋ—ਸ਼ੌਕਤ ਨਾਲ ਸਜਾਇਆ ਗਿਆ। ਇਸ ਅਲੌਕਿਕ ਧਾਰਮਿਕ ਸਮਾਗਮ ਵਿੱਚ ਸੰਤ—ਮਹਾਂਪੁਰਖਾਂ ਅਤੇ ਦੇਸ਼—ਵਿਦੇਸ਼ ਤੋਂ ਆਈਆਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਪੂਰਨ ਸ਼ਰਧਾ ਨਾਲ ਹਾਜ਼ਰੀ ਭਰੀ। ਨਗਰ ਕੀਰਤਨ ਦੌਰਾਨ ਪੰਥ ਦੀਆਂ ਮਹਾਨ ਸ਼ਖਸੀਅਤਾਂ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਲਵਾਈ। ਇਨ੍ਹਾਂ ਵਿੱਚ ਸ਼੍ਰੋਮਣੀ ਅਕਾਲੀ ਦਲ 96 ਕਰੋੜੀ ਬੁੱਢਾ ਦਲ (ਪੰਜਵਾਂ ਤਖ਼ਤ) ਦੇ ਮੁਖੀ ਜਥੇਦਾਰ ਬਾਬਾ ਬਲਬੀਰ ਸਿੰਘ, ਖਾਸ ਤੌਰ ਤੇ ਵਾਤਾਵਰਨ ਪ੍ਰੇਮੀ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ, ਸੰਤ ਬਾਬਾ ਜਗਜੀਤ ਸਿੰਘ ਲੋਪੋਵਾਲੇ, ਬਾਬਾ ਹਰਜੀਤ ਸਿੰਘ ਮਹਿਤਾ ਚੌਂਕ ਵਾਲੇ, ਬਾਬਾ ਜਸਵਿੰਦਰ ਸਿੰਘ, ਬਾਬਾ ਗੋਪਾਲ ਸਿੰਘ, ਬਾਬਾ ਮੱਖਣ ਸਿੰਘ, ਬਾਬਾ ਕੀਰਤ ਸਿੰਘ, ਬਾਬਾ ਜਸਵਿੰਦਰ ਸਿੰਘ (ਯੂ.ਐਸ.ਏ ਵਾਲੇ), ਬਾਬਾ ਗੋਪਾ ਸਿੰਘ, ਬਾਬਾ ਜੱਸਾ ਸਿੰਘ ਅਤੇ ਬਾਬਾ ਜੱਗਾ ਸਿੰਘ ਸਮੇਤ ਅਨੇਕਾਂ ਧਾਰਮਿਕ ਸ਼ਖਸੀਅਤਾਂ ਸ਼ਾਮਿਲ ਹੋਈਆਂ। ਨਗਰ ਕੀਰਤਨ ਦੌਰਾਨ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਗਤਕੇ ਦੇ ਬੁੱਧੀਮਾਨ ਅਤੇ ਹੈਰਾਨਕੁਨ ਜੌਹਰ ਵਿਖਾਏ ਗਏ ਜੋ ਕਿ ਆਈਆਂ ਹੋਈਆਂ ਸੰਗਤਾਂ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਬਣੇ ਰਹੇ। ਪੂਰੇ ਮਾਰਗ ਤੇ ਸ਼ਰਧਾਲੂਆਂ ਵੱਲੋਂ ਥਾਂ—ਥਾਂ ਤੇ ਲੰਗਰਾਂ ਅਤੇ ਖਾਣ—ਪੀਣ ਦੀਆਂ ਵੱਖ—ਵੱਖ ਵਸਤੂਆਂ ਦੀਆਂ ਸਟਾਲਾਂ ਲਗਾਈਆਂ ਗਈਆਂ ਸਨ, ਜਿੱਥੇ ਸੰਗਤਾਂ ਦੀ ਜਲ—ਪਾਣੀ ਨਾਲ ਨਿਸ਼ਕਾਮ ਸੇਵਾ ਕੀਤੀ ਗਈ। ਇਸ ਮੌਕੇ ਤੇ ਬਾਬੇ ਕੇ ਫਾਰਮ ਦੇ ਮੁੱਖ ਪ੍ਰਬੰਧਕਾਂ ਜਸਵਿੰਦਰ ਸਿੰਘ ਕਾਲਾ, ਸਵਰਨ ਸਿੰਘ ਸੈਬੀ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ ਗੁਰਮੀਤ ਸਿੰਘ ਜੰਡੂ, ਜਸਵੰਤ ਸਿੰਘ ਸੈਬੀ, ਨਗਿੰਦਰ ਸਿੰਘ ਧੰਜਲ, ਤਜਿੰਦਰ ਸਿੰਘ ਧਟੇੜਾ ਅਤੇ ਸੁਖਵਿੰਦਰ ਸਿੰਘ ਸੁੱਖੀ ਨੇ ਨਗਰ ਕੀਰਤਨ ਵਿੱਚ ਪਹੁੰਚੀਆਂ ਸਮੂਹ ਧਾਰਮਿਕ ਸ਼ਖਸੀਅਤਾਂ, ਸੰਤ—ਮਹਾਂਪੁਰਖਾਂ ਅਤੇ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਸਮਾਗਮ ਨੂੰ ਸਫਲ ਬਣਾਉਣ ਲਈ ਸਭ ਦੇ ਸਹਿਯੋਗ ਦੀ ਸ਼ਲਾਘਾ ਕੀਤੀ। ਸ਼ਾਮ ਦੇ ਸਮੇਂ ਬਾਬੇ ਕੇ ਫਾਰਮ ਵਿਖੇ ਨਗਰ ਕੀਰਤਨ ਦੀ ਸਮਾਪਤੀ ਹੋਈ, ਜਿੱਥੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

### ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਖੇਡ ਪ੍ਰਤਿਭਾ ਨੂੰ ਨਿਖਾਰਨ ਲਈ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਹਨ ਲਗਾਤਾਰ ਉਪਰਾਲੇ: ਓ.ਐੱਸ.ਡੀ. ਸੁਖਵੀਰ ਸਿੰਘ

# ਕਾਤਰੋਂ ਵਿਖੇ 12.51 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਸਟੇਡੀਅਮ ਨੌਜਵਾਨਾਂ ਨੂੰ ਸਮਰਪਿਤ



**ਸ਼ੇਰਪੁਰ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ, ਪਿੰਡ ਪੱਧਰ 'ਤੇ ਖੇਡਾਂ ਲਈ ਬਿਹਤਰ ਬੁਨਿਆਦੀ ਢਾਂਚਾ ਮੁਹੱਈਆ ਕਰਵਾਉਣ ਅਤੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਢੁੱਕਵਾਂ ਮਾਹੌਲ ਦੇਣ ਦੇ ਉਦੇਸ਼ ਨਾਲ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਅੱਜ ਓ.ਐੱਸ.ਡੀ. ਸੁਖਵੀਰ ਸਿੰਘ ਵੱਲੋਂ ਧੂਰੀ ਹਲਕੇ ਦੇ ਪਿੰਡ ਕਾਤਰੋਂ ਨਵੇਂ ਬਣੇ ਖੇਡ ਸਟੇਡੀਅਮਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਦੱਸਿਆ ਕਿ ਪਿੰਡ ਕਾਤਰੋਂ ਵਿਖੇ 12.51 ਲੱਖ ਰੁਪਏ ਦੀ ਲਾਗਤ ਨਾਲ ਸਟੇਡੀਅਮ ਦਾ ਨਿਰਮਾਣ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਖੇਡ ਸਟੇਡੀਅਮਾਂ ਦੇ ਬਣਨ ਨਾਲ ਇਲਾਕੇ ਦੇ ਨੌਜਵਾਨਾਂ ਨੂੰ ਆਪਣੇ ਪਿੰਡਾਂ ਵਿੱਚ ਹੀ ਖੇਡਾਂ ਲਈ ਬਿਹਤਰ ਸਹੂਲਤਾਂ ਮਿਲਣਗੀਆਂ ਅਤੇ ਉਹ ਵੱਖ-ਵੱਖ ਖੇਡਾਂ ਵਿੱਚ ਆਪਣੀ ਪ੍ਰਤਿਭਾ ਨੂੰ ਨਿਖਾਰ ਸਕਣਗੇ। ਓ.ਐੱਸ.ਡੀ. ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਪਿੰਡਾਂ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਉਨ੍ਹਾਂ ਦੀ ਊਰਜਾ ਨੂੰ ਉਸਾਰੂ ਦਿਸ਼ਾ ਵੱਲ ਲਗਾਉਣਾ ਹੈ। ਪਿੰਡ ਪੱਧਰ 'ਤੇ ਆਧੁਨਿਕ ਖੇਡ ਸਹੂਲਤਾਂ ਉਪਲਬਧ ਹੋਣ ਨਾਲ ਨੌਜਵਾਨਾਂ ਨੂੰ ਅਭਿਆਸ ਲਈ ਵਧੀਆ ਮਾਹੌਲ ਮਿਲੇਗਾ ਅਤੇ ਪੇਂਡੂ ਖੇਤਰਾਂ ਵਿੱਚੋਂ ਨਵੀਂ ਖੇਡ ਪ੍ਰਤਿਭਾ ਸਾਹਮਣੇ ਆਵੇਗੀ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇਸ ਲਈ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ ਅਤੇ ਪਿੰਡਾਂ ਵਿੱਚ ਖੇਡਾਂ ਲਈ ਲੋੜੀਂਦਾ ਬੁਨਿਆਦੀ ਢਾਂਚਾ ਵਿਕਸਤ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਬੇਹੱਦ ਉਤਸ਼ਾਹ ਹੈ ਅਤੇ ਸਰਕਾਰ ਵੱਲੋਂ ਉਨ੍ਹਾਂ ਨੂੰ ਲੋੜੀਂਦੀਆਂ ਸਹੂਲਤਾਂ ਅਤੇ ਮੌਕੇ ਪ੍ਰਦਾਨ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਪਿੰਡ ਵਾਸੀਆਂ ਅਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਨਵੇਂ ਖੇਡ ਸਟੇਡੀਅਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਖੇਡਾਂ ਵਿੱਚ ਵਧ-ਚੜ੍ਹ ਕੇ ਭਾਗ ਲੈਣ। ਇਸ ਮੌਕੇ ਬਲਾਕ ਸੰਮਤੀ ਚੇਅਰਮੈਨ ਚਰਨ ਸਿੰਘ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਅਮ੍ਰਿਤਪਾਲ ਸਿੰਘ, ਗਗਨ ਜਵੰਧਾ, ਸੁਖਦੇਵ ਸਿੰਘ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਮੋਹਤਬਰ ਵਿਅਕਤੀ, ਖੇਡ ਪ੍ਰੇਮੀ, ਨੌਜਵਾਨ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## 40 ਸਾਲਾਂ ਤੋਂ ਨਿਸ਼ਕਾਮ ਮਾਨਵ ਸੇਵਾ ਚ ਜੁਟੇ ਜਗਦੀਸ਼ ਕੁਮਾਰ, ਦੇਸੀ ਜੜ੍ਹੀ ਬੂਟੀਆਂ ਨਾਲ ਮੁਫ਼ਤ ਕਰ ਰਹੇ ਨੇ ਗੰਭੀਰ ਬੀਮਾਰੀਆਂ ਦਾ ਇਲਾਜ



ਫ਼ਿਰੋਜ਼ਪੁਰ, 01 ਸਤੰਬਰ (ਮਨੋਹਰ ਲਾਲ) :— ਅੱਜ ਦੇ ਮਸ਼ੀਨੀ ਅਤੇ ਵਪਾਰਕ ਯੁੱਗ ਵਿੱਚ ਜਿਥੇ ਇਲਾਜ ਬਹੁਤ ਮਹਿੰਗਾ ਹੋ ਚੁੱਕਾ ਹੈ, ਉੱਥੇ ਹੀ ਫਿਰੋਜ਼ਪੁਰ ਸ਼ਹਿਰ ਦੇ ਮੁਲਤਾਨੀ ਗੇਟ ਰੇਲਵੇ ਫਾਟਕ ਕੋਲ ਸਥਿਤ ਇੱਕ ਖੋਖੇ ਤੋਂ ਚੱਲ ਰਹੀ ਨਿਸ਼ਕਾਮ ਸੇਵਾ ਮਾਨਵਤਾ ਦੀ ਇੱਕ ਮਿਸਾਲ ਬਣ ਕੇ ਸਾਹਮਣੇ ਆ ਰਹੀ ਹੈ। ਪਿਛਲੇ 40 ਸਾਲਾਂ ਤੋਂ ਜਗਦੀਸ਼ ਕੁਮਾਰ ਪੁੱਤਰ ਮੀਂਹਾ ਲਾਲ ਆਪਣੇ ਪੁਸ਼ਤੈਨੀ ਗਿਆਨ ਅਤੇ ਦੇਸੀ ਜੜ੍ਹੀ ਬੂਟੀਆਂ ਰਾਹੀਂ ਹਰ ਤਰ੍ਹਾਂ ਦੀਆਂ ਬੀਮਾਰੀਆਂ ਦਾ ਮੁਫ਼ਤ ਇਲਾਜ ਕਰ ਰਹੇ ਹਨ। ਗੱਲਬਾਤ ਕਰਦਿਆਂ ਜਗਦੀਸ਼ ਕੁਮਾਰ ਨੇ ਦੱਸਿਆ ਕਿ ਇਹ ਸੇਵਾ ਕਾਰਜ ਉਨ੍ਹਾਂ ਦੇ ਪਰਿਵਾਰ ਦੀਆਂ ਤਿੰਨ ਪੀੜ੍ਹੀਆਂ ਤੋਂ ਲਗਾਤਾਰ ਚੱਲਦਾ ਆ ਰਿਹਾ ਹੈ। ਉਨ੍ਹਾਂ ਦੇ ਪਿਤਾ ਜੀ ਵੀ ਇਹ ਸੇਵਾ ਕਰਦੇ ਸਨ ਅਤੇ ਹੁਣ ਉਨ੍ਹਾਂ ਦਾ ਲੜਕਾ ਰਾਹੁਲ ਅਤੇ ਹੋਰ ਸਮਾਜ ਸੇਵੀ ਸਾਥੀ ਵੀ ਇਸ ਕਾਰਜ ਵਿੱਚ ਉਨ੍ਹਾਂ ਦਾ ਪੂਰਾ ਸਾਥ ਦੇ ਰਹੇ ਹਨ। ਇੱਥੇ ਰੋਜ਼ਾਨਾ ਸਵੇਰ ਤੋਂ ਹੀ ਇਲਾਜ ਕਰਵਾਉਣ ਵਾਲੇ ਮਰੀਜ਼ਾਂ ਦੀਆਂ ਲੰਮੀਆਂ ਲੰਮੀਆਂ ਲਾਈਨਾਂ ਲੱਗ ਜਾਂਦੀਆਂ ਹਨ। ਆਪਣੇ ਇਲਾਜ ਦੇ ਤਰੀਕੇ ਬਾਰੇ ਜਾਣਕਾਰੀ ਦਿੰਦਿਆਂ ਜਗਦੀਸ਼ ਕੁਮਾਰ ਨੇ ਦੱਸਿਆ ਕਿ ਇਹ ਦਵਾਈਆਂ ਤਿਆਰ ਕਰਨ ਲਈ ਉਨ੍ਹਾਂ ਨੂੰ ਜੰਗਲਾਂ, ਨਹਿਰਾਂ ਦੇ ਕੰਢਿਆਂ ਅਤੇ ਸੁੰਨਸਾਨ ਜਗ੍ਹਾ ਤੇ ਜਾਣਾ ਪੈਂਦਾ ਹੈ। ਸੰਘਣੀਆਂ ਝਾੜੀਆਂ ਵਿੱਚੋਂ ਜੜ੍ਹੀ ਬੂਟੀਆਂ ਲੱਭਣ ਸਮੇਂ ਕਈ ਵਾਰ ਜ਼ਿਹਰੀਲੇ ਸੱਪਾਂ ਅਤੇ ਹੋਰ ਖ਼ਤਰਨਾਕ ਜੀਵਾਂ ਦਾ ਵੀ ਸਾਹਮਣਾ ਕਰਨਾ ਪੈਂਦਾ ਹੈ, ਪਰ ਮਾਨਵ ਸੇਵਾ ਦੇ ਜਜ਼ਬੇ ਅੱਗੇ ਉਹ ਇਹਨਾਂ ਸਾਰੇ ਖ਼ਤਰਿਆਂ ਦੀ ਪਰਵਾਹ ਨਹੀਂ ਕਰਦੇ। ਗੱਲਬਾਤ ਦੌਰਾਨ ਜਗਦੀਸ਼ ਕੁਮਾਰ ਨੇ ਆਪਣੇ ਦਰਦ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਜਦੋਂ ਮਰੀਜ਼ ਉਨ੍ਹਾਂ ਕੋਲੋਂ ਠੀਕ ਹੋ ਕੇ ਜਾਂਦੇ ਹਨ, ਤਾਂ ਕਈ ਡਾਕਟਰ ਉਨ੍ਹਾਂ ਨਾਲ ਲੜਾਈ ਝਗੜਾ ਵੀ ਕਰਦੇ ਹਨ। ਕੁਝ ਲੋਕ ਇਹ ਦੋਸ਼ ਲਗਾਉਂਦੇ ਹਨ ਕਿ ਮੁਫ਼ਤ ਦਵਾਈਆਂ ਦੇ ਕੇ ਉਹ ਉਨ੍ਹਾਂ ਦੀ ਰੋਜ਼ੀ ਰੋਟੀ ਤੇ ਸੱਟ ਮਾਰ ਰਹੇ ਹਨ ਪਰ ਇਸ ਵਿਰੋਧ ਅਤੇ ਰੁਕਾਵਟਾਂ ਦੇ ਬਾਵਜੂਦ ਉਨ੍ਹਾਂ ਨੇ ਮਾਨਵਤਾ ਦੀ ਸੇਵਾ ਦਾ ਰਸਤਾ ਨਹੀਂ ਛੱਡਿਆ। ਅਖ਼ੀਰ ਵਿੱਚ ਜਗਦੀਸ਼ ਕੁਮਾਰ ਨੇ ਸਮੂਹ ਸੰਗਤਾਂ, ਬਜ਼ੁਰਗਾਂ, ਨੌਜਵਾਨਾਂ ਅਤੇ ਭੈਣ ਭਰਾਵਾਂ ਨੂੰ ਸੁਨੇਹਾ ਦਿੰਦਿਆਂ ਕਿਹਾ ਕਿ ਜੇਕਰ ਕਿਸੇ ਨੂੰ ਵੀ ਟਾਈਫਾਈਡ, ਲਿਵਰ ਦੀ ਖਰਾਬੀ (ਫੈਟੀ ਲਿਵਰ), ਪੀਲੀਆ, ਕਾਲਾ ਪੀਲੀਆ, ਬਵਾਸੀਰ, ਬਲੱਡ ਪ੍ਰੈਸ਼ਰ ਦਾ ਵਧਣਾ ਜਾਂ ਘਟਣਾ ਵਰਗੀ ਕੋਈ ਵੀ ਸਮੱਸਿਆ ਹੋਵੇ ਤਾਂ ਉਹ ਬਿਨਾਂ ਕਿਸੇ ਝਿਜਕ ਦੇ ਮੁਲਤਾਨੀ ਗੇਟ ਰੇਲਵੇ ਫਾਟਕ ਫਿਰੋਜ਼ਪੁਰ ਸ਼ਹਿਰ ਕੋਲ ਆ ਕੇ ਮੁਫ਼ਤ ਦਵਾਈ ਪ੍ਰਾਪਤ ਕਰ ਸਕਦੇ ਹਨ।

## ਤਲਬੀਰ ਸਿੰਘ ਗਿੱਲ ਨੈ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਵਾਲਿਆਂ ਦਾ ਹਾਲ ਚਾਲ ਜਾਣਿਆ

### ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਹਸਪਤਾਲ ਵਿੱਚ ਸਨ ਦਾਖਲ



**ਚੌਂਕ ਮਹਿਤਾ,31 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜਿਨਾਂ ਦੀ ਸਿਹਤ ਕੁਝ ਢਿੱਲੀ ਹੋਣ ਦੇ ਕਾਰਨ ਹਸਪਤਾਲ ਵਿੱਚ ਦਾਖਲ ਸਨ ਉਹਨਾਂ ਦੀ ਸਿਹਤਯਾਬੀ ਦਾ ਪਤਾ ਲੈਣ ਲਈ ਵਿਧਾਨ ਸਭਾ ਹਲਕਾ ਮਜ਼ੀਠਾ ਦੇ ਆਮ ਆਦਮੀ ਪਾਰਟੀ ਵੱਲੋਂ ਇੰਚਾਰਜ ਤਲਬੀਰ ਸਿੰਘ ਗਿੱਲ ਉਚੇਚੇ ਤੋਰ ਤੇ ਹਸਪਤਾਲ ਪਹੁੰਚੇ ਅਤੇ ਸੰਤ ਬਾਬਾ ਸੱਜਣ ਸਿੰਘ ਜੀ ਦੀ ਸਿਹਤਯਾਬੀ ਦੀ ਕਾਮਨਾ ਕੀਤੀ। ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਸੰਤ ਬਾਬਾ ਸੱਜਣ ਸਿੰਘ ਹੋਰਾਂ ਦੀ ਇਲਾਕੇ ਨੂੰ ਬਹੁਤ ਵੱਡੀ ਦੇਣ ਹੈ ਸੰਤਾਂ ਮਹਾਂਪੁਰਸ਼ਾਂ ਦੀ ਪ੍ਰੇਰਨਾ ਸਦਕਾ ਅੱਜ ਅਨੇਕਾਂ ਹੀ ਪ੍ਰਾਣੀ ਸੇਵਾ ਭਾਵਨਾ ਨਾਲ ਕੰਮ ਕਰ ਰਹੇ ਹਨ। ਤਲਬੀਰ ਸਿੰਘ ਗਿੱਲ ਸੰਤ ਬਾਬਾ ਸੱਜਣ ਸਿੰਘ ਜੀ ਦਾ ਹਾਲ ਚਾਲ ਪੁੱਛਦੇ ਹੋਏ। ਉਹਨਾਂ ਕਿਹਾ ਕਿ ਅਸੀਂ ਪਰਮਾਤਮਾ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਉਸ ਮਹਾਂਪੁਰਸ਼ਾਂ ਨੂੰ ਜਲਦੀ ਤੰਦਰੁਸਤੀ ਬਖਸ਼ਣ ਅਤੇ ਹਮੇਸ਼ਾ ਹੀ ਚੜ੍ਹਦੀ ਕਲਾ ਵਿੱਚ ਰੱਖਣ। ਇਸ ਮੌਕੇ ਤੇ ਉਹਨਾਂ ਦੇ ਨਾਲ ਤਰਸ਼ੇਮ ਸਿੰਘ ਚਾਚੇਵਾਲੀ, ਰਣਜੀਤ ਸਿੰਘ ਰਾਣਾ ਬਾਬੋਰਾਸ਼, ਬਾਬਾ ਰਾਜਾ ਬੁਲਾਰਾ, ਪਰਗਟ ਸਿੰਘ ਬੋਪਰਾਏ, ਜਗਰੂਪ ਸਿੰਘ ਬੋਪਰਾਏ, ਬਲਜਿੰਦਰ ਸਿੰਘ ਨਿਬਰਵਿੱਡ ਅਤੇ ਹੋਰ ਆਗੂ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜੀ.ਕੇ.ਯੂ. ਵੱਲੋਂ ਦੋ ਰੋਜ਼ਾ ਓਰੀਐਨਟੇਸ਼ਨ ਪ੍ਰੋਗਰਾਮ

# "ਦੀਕਸ਼ਾਰੰਭ- 2026" ਦਾ ਸ਼ਾਨਦਾਰ ਸਮਾਪਨ






ਤਲਵੰਡੀ ਸਾਬੋ, 01 ਸਤੰਬਰ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਨਵੇਂ ਵਿਦਿਆਰਥੀਆਂ ਦੇ ਸਵਾਗਤ ਲਈ ਅਤੇ ਉਨ੍ਹਾਂ ਦਾ ਪ੍ਰਬੰਧਕੀ, ਅਕਾਦਮਿਕ ਨਿਯਮਾਂ, ਸਹੂਲਤਾਂ ਅਤੇ ਪ੍ਰਕਿਰਿਆਵਾਂ ਨਾਲ ਰਾਬਤਾ ਕਰਾਉਣ ਦੇ ਮੰਤਵ ਨਾਲ ਦੋ ਰੋਜ਼ਾ ਓਰੀਐਨਟੇਸ਼ਨ ਪ੍ਰੋਗਰਾਮ "ਦੀਕਸ਼ਾਰੰਭ- 2026" ਸਫ਼ਲਤਾਪੂਰਵਕ ਸਮਾਪਤ ਹੋਇਆ। ਇਸ ਵਿੱਚ ਪਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ ਵੱਲੋਂ ਪ੍ਰੋਗਰਾਮ ਬਾਰੇ ਸਵਾਗਤੀ ਭਾਸ਼ਣ ਦਿੱਤਾ ਗਿਆ ਜਦ ਕਿ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਤੋਂ ਇਲਾਵਾ ਪਰੋ. ਵਾਈਸ ਚਾਂਸਲਰ ਡਾ. ਪੀਯੂਸ਼ ਵਰਮਾ, ਡੀਨ ਅਕਾਦਮਿਕ ਡਾ. ਜਾਵੇਦ ਅਹਿਮਦ ਖਾਨ, ਡਾਇਰੈਕਟਰ ਵਿਦਿਆਰਥੀ ਭਲਾਈ, ਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਡਾਇਰੈਕਟਰਾਂ ਤੇ ਅਧਿਕਾਰੀਆਂ ਨੇ ਰੌਣਕ ਵਧਾਈ। ਇਸ ਮੌਕੇ .ਡਾਇਰੈਕਟਰ ਆਈ.ਟੀ., ਡਾਇਰੈਕਟਰ ਸੁਰੱਖਿਆ, ਡੀਨ ਫੈਕਲਟੀ ਆਫ਼ ਐਗਰੀਕਲਚਰ, ਫੈਕਲਟੀ ਆਫ਼ ਕੰਪਿਊਟਿੰਗ, ਫੈਕਲਟੀ ਆਫ਼ ਇੰਜੀਨਿਅਰਿੰਗ ਐਂਡ ਟੈਕਨਾਲੋਜੀ, ਫੈਕਲਟੀ ਆਫ਼ ਲੈਂਗੂਏਜ਼ਸ ਐਂਡ ਸਾਇੰਸਜ਼, ਵਿਭਾਗ ਮੁੱਖੀ ਫਾਰਮੈਸੀ, ਇੰਚਾਰਜ ਲਾਇਬ੍ਰੇਰੀ ਅਤੇ ਕੰਟਰੋਲਰ ਪ੍ਰੀਖਿਆਵਾਂ ਵੱਲੋਂ ਪੀ.ਪੀ.ਟੀ. ਰਾਹੀਂ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਗਈ। ਦੀਕਾਸ਼ਰੰਭ ਦੇ ਉਦਘਾਟਨ ਮੌਕੇ ਵਾਈਸ ਚਾਂਸਲਰ ਡਾ. ਸਿੰਘ ਨੇ ਕਿਹਾ ਕਿ ਸਿੱਖਿਆ ਦਾ ਮਤਲਬ ਸਿਰਫ਼ ਚੰਦ ਕਿਤਾਬਾਂ ਪੜ੍ਹਨਾ ਜਾਂ ਸਿਲੇਬਸ ਪੂਰਾ ਕਰਨਾ ਨਹੀਂ, ਸਗੋਂ ਵਿਅਕਤੀਤਵ ਦੇ ਪੂਰਨ ਵਿਕਾਸ ਲਈ ਨੈਤਿਕ ਕਦਰਾਂ-ਕੀਮਤਾਂ ਅਤੇ ਮਨੁੱਖੀ ਮੁੱਲਾਂ ਦੀ ਪਾਲਣਾ ਜ਼ਰੂਰੀ ਹੈ। ਉਹਨਾਂ ਕਿਹਾ ਕਿ ਇਹਨਾਂ ਤੋਂ ਬਿਨਾਂ ਵਿੱਦਿਆ ਅਧੂਰੀ ਹੈ। ਉਹਨਾਂ ਵਿਦਿਆਰਥੀਆਂ ਨੂੰ ਇਮਾਨਦਾਰੀ ਨਾਲ ਕਲਾਸਾਂ ਲਗਾਉਣ, ਵਰਸਿਟੀ ਨਿਯਮਾਂ ਦੀ ਪਾਲਣਾ ਕਰਨ ਅਤੇ ਉੱਚੇ ਟੀਚੇ ਹਾਸਿਲ ਕਰਨ ਲਈ ਪ੍ਰੇਰਿਤ ਕੀਤਾ। ਉਹਨਾਂ ਵਿਦਿਆਰਥੀਆਂ ਨੂੰ ਦੀਕਸ਼ਾਰੰਭ ਤੋਂ ਲੈ ਕੇ ਦੀਕਸ਼ਾਂਤ ਤੱਕ ਦੇ ਸਫ਼ਰ ਲਈ ਸ਼ੁੱਭ ਕਾਮਨਾਵਾਂ ਭੇਂਟ ਕੀਤੀਆਂ। ਪਰੋ. ਵਾਈਸ ਚਾਂਸਲਰ ਡਾ. ਧੀਮਾਨ ਨੇ ਸ਼ੁਰੂਆਤੀ ਸੰਬੋਧਨ ਵਿੱਚ ਕਿਹਾ ਕਿ ਵਿਦਿਆਰਥੀ ਹੁਣ ਆਪਣੀ ਜ਼ਿੰਦਗੀ ਦਾ ਨਵਾਂ ਸਫ਼ਰ ਸ਼ੁਰੂ ਕਰਨ ਜਾ ਰਹੇ ਹਨ। ਉਹਨਾਂ ਇਹ ਵੀ ਕਿਹਾ ਕਿ ਯੂਨੀਵਰਸਿਟੀ ਅਜਿਹਾ ਅਦਾਰਾ ਹੈ, ਜਿੱਥੇ ਵਿਦਿਆਰਥੀਆਂ ਦਾ ਗਿਆਨ ਸਿਰਜਣਾ ਨਾਲ ਮਿਲ ਕੇ ਕੰਮ ਕਰਦਾ ਹੈ ਤੇ ਕਲਾਪਨਾ ਕਾਰਜ ਦੇ ਰੂਪ ਵਿੱਚ ਢਲਦੀ ਹੈ। ਉਹਨਾਂ ਕਿਹਾ ਕਿ ਵਿਦਿਅਕ ਅਦਾਰਿਆਂ ਵਿੱਚ ਵਿਦਿਆਰਥੀ ਉੱਤਮ ਪੇਸ਼ੇਵਰ ਅਤੇ ਵਧੀਆ ਨਾਗਰਿਕ ਬਣ ਕੇ ਨਿਕਲਦੇ ਹਨ। ਉਹਨਾਂ ਦੱਸਿਆ ਕਿ ਗਿਆਨ ਜ਼ਿੰਦਗੀ ਵਿੱਚ ਬਦਲਾਵ ਦਾ ਸਾਧਨ ਹੈ। ਉਹਨਾਂ ਵਿਦਿਆਰਥੀਆਂ ਨੂੰ ਸੁਆਲ-ਜੁਆਬ ਕਰਨ ਅਤੇ ਯੂਨੀਵਰਸਿਟੀ ਵੱਲੋਂ ਕਰਵਾਈਆਂ ਜਾਂਦੀਆਂ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਆ। ਆਪਣੇ ਧੰਨਵਾਦੀ ਭਾਸ਼ਣ ਵਿੱਚ ਪਰੋ. ਵਾਈਸ ਚਾਂਸਲਰ ਡਾ. ਵਰਮਾ ਨੇ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਕਰਨ ਅਤੇ ਹਰ-ਰੋਜ਼ ਕੁਝ ਨਵਾਂ ਸਿਰਜਣ ਦੀ ਗੱਲ ਆਖੀ। ਡੀਨ ਅਕਾਦਮਿਕ ਡਾ. ਖਾਨ ਨੇ ਵਰਸਿਟੀ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਅਕਾਦਮਿਕ ਕੋਰਸਾਂ, ਉਨ੍ਹਾਂ ਨਾਲ ਸੰਬੰਧਿਤ ਯੋਗਤਾਵਾਂ, ਵਰਸਿਟੀ ਦੇ ਵੱਖ-ਵੱਖ ਵਿਭਾਗਾਂ ਅਤੇ ਦਾਖ਼ਲੇ ਸੰਬੰਧੀ ਪ੍ਰਕਿਰਿਆਵਾਂ ਬਾਰੇ ਜਾਣਕਾਰੀ ਦਿੱਤੀ। ਉਹਨਾਂ ਵਰਸਿਟੀ ਵੱਲੋਂ ਨਵੀਂ ਸਿੱਖਿਆ ਨੀਤੀ- 2020 ਅਤੇ ਵੱਖ-ਵੱਖ ਵਿਧਾਨਿਕ ਅਦਾਰਿਆਂ ਅਨੁਸਾਰ ਜੀ.ਕੇ.ਯੂ. ਵੱਲੋਂ ਤਿਆਰ ਕੀਤੇ ਸਿਲੇਬਸ ਅਤੇ ਕੋਰਸਾਂ ਸੰਬੰਧੀ ਵੀ ਵਿਚਾਰ ਸਾਂਝੇ ਕੀਤੇ। ਉਹਨਾਂ ਵਿਦਿਆਰਥੀਆਂ ਵੱਲੋਂ ਵਰਸਿਟੀ ਦੇ ਪਲੇਸਮੈਂਟ ਸੈੱਲ ਦੇ ਸਹਿਯੋਗ ਨਾਲ ਵੱਖ-ਵੱਖ ਸਰਕਾਰੀ ਅਤੇ ਗੈਰ-ਸਰਕਾਰੀ ਅਦਾਰਿਆਂ ਵਿੱਚ ਪ੍ਰਾਪਤ ਕੀਤੀਆਂ ਗਈਆਂ ਉੱਚ ਪਦਵੀਆਂ ਬਾਰੇ ਵੀ ਚਾਨਣਾ ਪਾਇਆ। ਕੰਟਰੋਲਰ ਪ੍ਰੀਖਿਆਵਾਂ ਕੁਲਵੀਰ ਸਿੰਘ ਤੇ ਡਾਇਰੈਕਟਰ ਆਈ. ਟੀ. ਡਾ. ਸੰਨੀ ਅਰੋੜਾ ਨੇ ਨਵੇਂ ਸੈਸ਼ਨ ਲਈ ਵਿਦਿਆਰਥੀਆਂ ਨੂੰ ਉਜਵੱਲ ਭਵਿੱਖ ਦੀਆਂ ਸ਼ੁੱਭ ਕਾਮਨਾਵਾਂ ਭੇਂਟ ਕਰਦੇ ਹੋਏ ਕੰਪਿਊਟਰ ਅਤੇ ਨਵੀਂ ਤਕਨੀਕ ਵਿੱਚ ਮਹਾਰਤ ਹਾਸਿਲ ਕਰਨ ਦੀ ਪ੍ਰੇਰਨਾ ਦਿੱਤੀ। ਸਰਬੱਤ ਦੇ ਭਲੇ ਅਤੇ ਵਿਦਿਆਰਥੀਆਂ ਦੇ ਉਜਵੱਲ ਭਵਿੱਖ ਲਈ ਫੈਕਲਟੀ ਆਫ਼ ਵਿਜ਼ੂਅਲ ਐਂਡ ਪਰਫਾਰਮਿੰਗ ਆਰਟਸ ਵੱਲੋਂ ਡਾਇਰੈਕਟਰ ਯੁਵਾ ਤੇ ਸੱਭਿਆਚਾਰਕ ਮਾਮਲੇ ਡਾ. ਕੰਵਲਜੀਤ ਕੌਰ ਦੀ ਰਹਿਨੁਮਾਈ ਹੇਠ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿੱਚ ਤੇਲੰਗਾਣਾ, ਹਰਿਆਣਾ, ਪੰਜਾਬ ਦੇ ਲੋਕ-ਨਾਚਾਂ ਤੋਂ ਇਲਾਵਾ ਰਾਧਾ-ਕ੍ਰਿਸ਼ਨ ਦੀਆਂ ਝਲਕੀਆਂ ਨਰਿੱਤ ਰਾਹੀਂ ਪੇਸ਼ ਕੀਤੀਆਂ ਗਈਆਂ। ਨਿਰਦੇਸ਼ਕ ਵਿਦਿਆਰਥੀ ਭਲਾਈ ਸਰਦੂਲ ਸਿੰਘ ਸਿੱਧੂ ਨੇ ਵਰਸਿਟੀ ਵੱਲੋਂ ਦਿੱਤੀਆਂ ਜਾਂਦੀਆਂ ਸਹੂਲਤਾਂ ਬਾਰੇ ਚਾਨਣਾ ਪਾਇਆ। ਉਹਨਾਂ ਵਿਦਿਆਰਥੀਆਂ ਨੂੰ ਮਾਤਾ-ਪਿਤਾ, ਵੱਡਿਆਂ ਦਾ ਸਤਿਕਾਰ ਕਰਨ ਅਤੇ ਆਪਣੇ ਕਰਤੱਵਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ। ਮੰਚ ਸੰਚਾਲਨ ਦੀ ਭੂਮਿਕਾ ਲਵਲੀਨ ਸਚਦੇਵਾ ਅਤੇ ਡਾ. ਜੀਨੀਅਸ ਵਾਲੀਆ ਨੇ ਬਾਖੂਬੀ ਨਿਭਾਈ।

**ਨੈਤਿਕ ਕਦਰਾਂ-ਕੀਮਤਾਂ ਤੇ ਮਨੁੱਖੀ ਮੁੱਲਾਂ ਤੋਂ ਬਿਨਾਂ ਵਿੱਦਿਆ ਅਧੂਰੀ ਹੈ- ਡਾ. ਬਲਰਾਜ ਸਿੰਘ**

# ਸੰਤ ਬਾਬਾ ਸੱਜਣ ਸਿੰਘ ਦੀ ਸਿਹਤਯਾਬੀ ਜਾਨਣ ਲਈ ਪਹੁੰਚੀਆਂ ਧਾਰਮਿਕ ਸਖਸ਼ੀਅਤਾਂ



ਚੌਕ ਮਹਿਤਾ, 1 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ, ਇਤਹਾਸਿਕ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ (ਮੱਤਵਾਲ) ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜੀ ਦੇ ਹਸਪਤਾਲ ਤੋਂ ਵਾਪਸ ਪਰਤਣ ਉਪਰੰਤ ਇਲਾਕੇ ਦੀਆਂ ਧਾਰਮਿਕ ਸਖਸ਼ੀਅਤਾਂ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਉਨਾਂ ਦੀ ਸਿਹਤ ਦਾ ਹਾਲ ਜਾਣਿਆਂ। ਜਿਕਰਯੋਗ ਹੈ ਕਿ ਪਿਛਲੇ ਦਿਨੀਂ ਸੰਤ ਬਾਬਾ ਸੱਜਣ ਸਿੰਘ ਜੀ ਬਿਮਾਰ ਹੋਣ ਕਾਰਨ ਹਸਪਤਾਲ ਦਾਖਲ ਸਨ। ਅੱਜ ਇਥੇ ਮੁੱਖ ਤੌਰ 'ਤੇ ਸੰਤ ਸਮਾਜ ਦੇ ਮੁੱਖ ਬੁਲਾਰੇ ਸੰਤ ਬਾਬਾ ਗੁਰਭੇਜ ਸਿੰਘ ਖ਼ੁਜਾਲਾ, ਸੰਤ ਬਾਬਾ ਕਵਲਜੀਤ ਸਿੰਘ ਗੁਰਦੁਆਰਾ ਨਾਗੀਆਨਾ ਸਾਹਿਬ ਉਦੋਕੇ, ਸੰਤ ਬਾਬਾ ਤਰਨਜੀਤ ਸਿੰਘ ਨਿੱਕੇ ਘੁੰਮਣਾ ਵਾਲੇ, ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲੇ, ਸੰਤ ਬਾਬਾ ਸ਼ਿਵੰਦਰ ਸਿੰਘ ਟਾਹਲੀ ਸਾਹਿਬ ਵਾਲੇ , ਬਾਬਾ ਸੁਖਵੰਤ ਸਿੰਘ ਚੰਨਣਕੇ, ਆਦਿ ਹੋਰ ਅਨੇਕਾਂ ਸੰਗਤਾਂ ਹਾਜ਼ਰ ਸਨ। ਇਸ ਮੌਕੇ ਤੇ ਸੰਤ ਬਾਬਾ ਸੱਜਣ ਸਿੰਘ ਜੀ ਦੇ ਜਲਦ ਸਿਹਤਯਾਬ ਹੋਣ ਲਈ ਅਰਦਾਸ ਬੇਨਤੀ ਕੀਤੀ। ਚੇਅਰਮੈਨ ਸਿੰਕਦਰ ਸਿੰਘ ਖਿਦੋਵਾਲੀ, ਪ੍ਰਿੰਸੀਪਲ ਗੁਰਸੇਵਕ ਸਿੰਘ, ਹਰਪ੍ਰੀਤ ਸਿੰਘ ਵਿੱਕੀ ਬਟਾਲਾ, ਰਣਜੀਤ ਸਿੰਘ ਰਾਣਾ ਬਾਠ (ਬਾਬੋਵਾਲ), ਹੈੱਡ ਗ੍ਰੰਥੀ ਭਾਈ ਸੁਲੱਖਣ ਸਿੰਘ, ਬਾਬਾ ਰਾਜਾ ਬੁਲਾਰੀਆ, ਭਾਈ ਜੱਸਾ ਸਿੰਘ ਤੇ ਭਾਈ ਜਗਰੂਪ ਸਿੰਘ ਬੋਪਾਰਾਏ ਸਮੇਤ ਹੋਰਨਾਂ ਪ੍ਰਮੁੱਖ ਸਖਸ਼ੀਅਤਾਂ ਨੇ ਵੀ ਸੰਤ ਬਾਬਾ ਸੱਜਣ ਸਿੰਘ ਜੀ ਦੀ ਤੰਦਰੁਸਤੀ ਦੀ ਕਾਮਨਾ ਕੀਤੀ।

# ਪਾਰਟੀ ਦੀਆਂ ਨੀਤੀਆਂ ਨਿਰਧਾਰਿਤ ਕਰਨ ਅਤੇ ਉਹਨਾਂ ਨੂੰ ਨੀਤੀ ਬਿਆਨ ਵਜੋਂ ਜਾਰੀ ਕਰਨ ਦਾ ਹੱਕ ਸਿਰਫ ਪਾਰਟੀ ਪ੍ਰਧਾਨ ਨੂੰ - ਸ ਰਵੀਇੰਦਰ ਸਿੰਘ

## ਗਿਆਨੀ ਹਰਪ੍ਰੀਤ ਸਿੰਘ ਵੱਲੋਂ ਅਜੀਤ ਅਖਬਾਰ ਲਈ ਲਿਖਿਆ ਲੇਖ ਇਤਿਹਾਸਕ ਮਹੱਤਵ ਰੱਖਦਾ ਹੈ





ਚੰਡੀਗੜ੍ਹ, 1 ਸਤੰਬਰ (ਆਵਾਜ਼ਿ ਕੌਮ ਬਿਊਰੋ)-ਬਜ਼ੁਰਗ ਸਿਆਸਤਦਾਨ ਸ ਰਵੀਇੰਦਰ ਸਿੰਘ, ਜੋ ਸਿੱਖ ਰਾਜਨੀਤਕ ਹਲਕਿਆਂ ਵਿੱਚ ਸਕਾਲਰ ਵਜੋਂ ਜਾਣੇ ਜਾਂਦੇ ਹਨ ਅਤੇ ਸ਼ੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਰਪ੍ਰਸਤ ਵੀ ਹਨ, ਨੇ ਇਕ ਲਿਖਤੀ ਪ੍ਰੈੱਸ ਬਿਆਨ ਵਿੱਚ ਦੱਸਿਆ ਕਿ ਮਾਸਟਰ ਤਾਰਾ ਸਿੰਘ ਹੁਰਾਂ ਤੋਂ ਬਾਦ ਅਕਾਲੀ ਦਲ ਨੂੰ ਅਜਿਹਾ ਪ੍ਰਧਾਨ ਮਿਲਿਆ ਹੈ, ਜੋ ਇਕ ਭਖਦੇ ਮਸਲੇ 'ਤੇ ਅਖਬਾਰਾਂ ਵਿੱਚ ਬਾ-ਦਲੀਲ ਲੇਖ ਲਿਖ ਸਕਦਾ ਹੈ। ਉਹ ਗਿਆਨੀ ਹਰਪ੍ਰੀਤ ਸਿੰਘ ਵੱਲੋਂ 'ਧਾਰਮਿਕ ਪਛਾਣ ਨੂੰ ਰਾਸ਼ਟਰੀ ਪਛਾਣ' ਬਣਾਉਣ ਦੇ ਮੁੱਦੇ 'ਤੇ ਅਜੀਤ ਅਖਬਾਰ ਲਈ ਲਿਖੇ ਗਏ ਲੇਖ ਦੀ ਗੱਲ ਕਰ ਰਹੇ ਸਨ। ਗਿਆਨੀ ਹਰਪ੍ਰੀਤ ਸਿੰਘ ਨੇ ਇਸ ਲੇਖ ਵਿੱਚ ਰਾਸ਼ਟਰੀ ਅਤੇ ਅੰਤਰ ਰਾਸ਼ਟਰੀ ਇਤਿਹਾਸਕ ਮਿਸਾਲਾਂ ਨਾਲ ਸਾਬਤ ਕੀਤਾ ਹੈ ਕਿ ਰਾਜਨੀਤਿਕ ਆਗੂਆਂ ਵੱਲੋਂ ਧਾਰਮਿਕ ਪਛਾਣ ਨੂੰ ਅੱਗੇ ਰੱਖਣਾ ਲੋਕਾਂ ਨੂੰ ਵੰਡਣ ਦਾ ਕਾਰਨ ਬਣ ਜਾਂਦਾ ਹੈ। ਸ ਰਵੀਇੰਦਰ ਸਿੰਘ ਨੇ ਕਿਹਾ ਕਿ ਅਕਾਲੀ ਦਲ ਨੂੰ ਇਕ ਪੜ੍ਹਿਆ ਲਿਖਿਆ ਅਤੇ ਧਾਰਮਿਕ ਖੇਤਰ ਵਿੱਚ ਗੁੜਿਆ ਹੋਇਆ ਪ੍ਰਧਾਨ ਮਿਲ ਜਾਣਾ, ਕੌਮ ਦੀ ਖੁਸ਼ਿਕਸਮਤੀ ਸਮਝਿਆ ਜਾਣਾ ਚਾਹੀਦਾ ਹੈ। ਅਜਿਹਾ ਪ੍ਰਧਾਨ ਪਾਰਟੀ ਆਗੂਆਂ ਦੀ ਸਲਾਹ ਨਾਲ ਜੋ ਵੀ ਨੀਤੀਆਂ ਨਿਰਧਾਰਿਤ ਕਰੇਗਾ, ਉਹ ਪੰਥ, ਪੰਜਾਬ ਲਈ ਅਸਰਦਾਇਕ ਜ਼ੂਰ ਹੋਣਗੀਆ। ਉਹਨਾਂ ਕਿਹਾ ਕਿ ਬੇਸ਼ੱਕ ਇਹ ਨੀਤੀਆਂ ਪਾਰਟੀ ਪਲੇਟਫਾਰਮ 'ਤੇ ਅਤੇ ਮਾਹਿਰ ਲੋਕਾਂ ਨਾਲ ਸਲਾਹ ਮਸ਼ਵਰੇ ਕਰਕੇ ਹੀ ਬਣਾਈਆਂ ਜਾਣੀਆਂ ਚਾਹੀਦੀਆਂ ਹਨ, ਪਰ ਉਹਨਾਂ ਨੂੰ ਜਾਰੀ ਅਤੇ ਲਾਗੂ ਕਰਨ ਦਾ ਹੱਕ ਹਮੇਸ਼ਾਂ ਪਾਰਟੀ ਪ੍ਰਧਾਨ ਕੋਲ ਸੁਰੱਖਿਅਤ ਰਹਿਣਾ ਚਾਹੀਦਾ ਹੈ। ਭਾਵੇਂਕਿ ਪਾਰਟੀ ਆਗੂ ਆਪਣੇ ਅਧਿਕਾਰ ਖੇਤਰ ਵਿੱਚ ਆਉਣ ਵਾਲੇ ਮੁੱਦਿਆਂ 'ਤੇ ਪ੍ਰਤੀਕਿਰਿਆ ਦਿੰਦੇ ਰਹਿਣ ਪਰ ਪਾਰਟੀ ਦੇ ਨੀਤੀ ਬਿਆਨ ਅਤੇ ਦੂਜੀਆਂ ਪਾਰਟੀਆਂ ਨਾਲ ਸਮਝੌਤਿਆ ਸੰਬੰਧੀ ਬਿਆਨ ਸਿਰਫ ਗਿਆਨੀ ਹਰਪ੍ਰੀਤ ਸਿੰਘ ਹੁਰਾਂ ਵੱਲੋਂ ਹੀ ਜਾਣੇ ਚਾਹੀਦੇ ਹਨ। ਉਹਨਾਂ ਦੇ ਇਸ ਅਧਿਕਾਰ ਖੇਤਰ ਵਿੱਚ ਦਖਲ ਦੇਣ ਵਾਲਿਆਂ ਖਿਲਾਫ ਪਾਰਟੀ ਪਲੇਟਫਾਰਮ 'ਤੇ ਸਖਤ ਅਨੁਸ਼ਾਸਨੀ ਕਾਰਵਾਈ ਹੋਣੀ ਚਾਹੀਦੀ ਹੈ।

ਸ ਰਵੀਇੰਦਰ ਸਿੰਘ ਨੇ ਕਿਹਾ ਕਿ ਸਾਰੇ ਪਾਰਟੀ ਆਗੂਆਂ ਨੂੰ ਇਸ ਗੱਲ ਦਾ ਮਾਣ ਮਹਿਸੂਸ ਕਰਨਾ ਚਾਹੀਦਾ ਹੈ ਕਿ ਉਹ ਸਿੱਖ ਫਿਲਾਸਫੀ ਅਤੇ ਸਿਧਾਂਤਾਂ ਦੇ ਪ੍ਰਪੱਕ ਵਿਦਵਾਨ ਪ੍ਰਧਾਨ ਦੀ ਅਗਵਾਈ ਵਿੱਚ ਕੰਮ ਕਰ ਰਹੇ ਹਨ। ਉਹਨਾਂ ਨੇ ਗਿਆਨੀ ਹਰਪ੍ਰੀਤ ਸਿੰਘ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਉਹਨਾਂ ਨੂੰ ਭਵਿੱਖ ਵਿੱਚ ਵੀ ਅਜਿਹੇ ਮੁੱਦਿਆ ਉਤੇ ਸੁਹਿਰਦਤਾ ਨਾਲ ਕਲਮ ਚਲਾਉਂਦੇ ਰਹਿਣਾ ਚਾਹੀਦਾ ਹੈ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ।।

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ





ਮਹਾਨ ਦਿਹਾੜਾ ਭਾਈ ਲਾਧੋ ਰੇ ਦਿਵਸ, ਸ਼ਹੀਦੀ ਦਿਹਾੜਾ ਕੌਮੀ ਸ਼ਹੀਦ ਭਾਈ ਜਸਵੰਤ ਖਾਲੜਾ , ਸ਼ਹੀਦੀ ਦਿਹਾੜਾ ਕੌਮੀ ਹੀਰੋ ਭਾਈ ਦਿਲਾਵਰ ਸਿੰਘ ਬੱਬਰ , ਸੰਪੂਰਨਤਾ ਦਿਵਸ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸੰਪੂਰਨਤਾ ਦਿਵਸ ਨੂੰ ਸਮਰਪਿਤ ਸਿੱਖ ਸੰਗਤਾਂ ਵੱਲੋਂ ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਲਈ ਗਈ ਹੈ 4 ਸਤੰਬਰ ਸ਼ੁੱਕਰਵਾਰ ਸਵੇਰੇ ਸਾਢੇ 10 ਵਜੇ ਅਰੰਭਤਾ ਹੋਵੇਗੀ

ਸ਼ਨਿੱਚਰਵਾਰ 5 ਸਤੰਬਰ ਸ਼ਾਮ 5 ਤੋਂ 8:30 ਵਜੇ ਤੱਕ ਦੀਵਾਨ ਸੱਜਣਗੇ।ਐਤਵਾਰ 6 ਸਤੰਬਰ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:45 ਵਜੇ ਤੱਕ ਦੀਵਾਨ ਸੱਜਣਗੇ।



ਢਾਡੀ ਜਥਾ ਗਿਆਨੀ ਹਰਦੀਪ ਸਿੰਘ ਖਾਲਸਾ ਮਾਨੋਚਾਹਲ

ਢਾਡੀ ਜਥਾ ਗਿਆਨੀ ਹਰਦੀਪ ਸਿੰਘ ਖਾਲਸਾ ਮਾਨੋਚਾਹਲ ਢਾਡੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ਪਹਿਲੇ ਪ੍ਰਕਾਸ਼ ਪੁਰਬ ਮੌਕੇ ਨਨਕਾਣਾ ਸਾਹਿਬ 'ਚ

# ਸਜਾਇਆ ਵਿਸ਼ਾਲ ਨਗਰ ਕੀਰਤਨ



ਨਨਕਾਣਾ ਸਾਹਿਬ, 1 ਸਤੰਬਰ (ਸਰਬਜੀਤ ਸਿੰਘ ਬਨੂੜ)-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਨਕਾਣਾ ਸਾਹਿਬ ਵਿਖੇ ਪੂਰੀ ਸ਼ਰਧਾ ਅਤੇ ਖ਼ਾਲਸਾਈ ਜਾਹੋ-ਜਲਾਲ ਨਾਲ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਗੁਰੂ ਨਾਨਕ ਜੀ ਸੇਵਕ ਜਥਾ ਸ੍ਰੀ ਨਨਕਾਣਾ ਸਾਹਿਬ ਵੱਲੋਂ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ ਸਜਾਇਆ ਗਿਆ ਇਹ ਨਗਰ ਕੀਰਤਨ ਗੁਰਦੁਆਰਾ ਸ੍ਰੀ ਪੱਟੀ ਸਾਹਿਬ ਤੋਂ ਆਰੰਭ ਹੋ ਕੇ ਗੁਰਦੁਆਰਾ ਸ੍ਰੀ ਬਾਲ ਲੀਲਾ ਸਾਹਿਬ ਤੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਜਨਮ ਅਸਥਾਨ ਨਨਕਾਣਾ ਸਾਹਿਬ ਵਿਖੇ ਸੰਪੰਨ ਹੋਇਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਛਤਰ-ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਏ ਨਗਰ ਕੀਰਤਨ ਵਿੱਚ ਵੱਡੀ ਗਿਣਤੀ 'ਚ ਸਿੱਖ ਸੰਗਤਾਂ ਸ਼ਾਮਲ ਹੋਈਆਂ। ਸਮੁੱਚੇ ਰਸਤੇ ਦੌਰਾਨ ਸੰਗਤਾਂ ਅਤੇ ਸਥਾਨਕ ਵਸਨੀਕਾਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਗਿਆ। ਸਤਿਨਾਮ-ਵਾਹਿਗੁਰੂ ਦੇ ਜਾਪ ਅਤੇ ਗੁਰਬਾਣੀ ਕੀਰਤਨ ਨਾਲ ਸਮੁੱਚਾ ਮਾਹੌਲ ਰੂਹਾਨੀ ਰੰਗ ਵਿੱਚ ਰੰਗਿਆ ਗਿਆ। ਇਸ ਮੌਕੇ ਨੌਜਵਾਨਾਂ ਵੱਲੋਂ ਗੋਪਾਲ ਸਿੰਘ ਚਾਵਲਾ ਸਮੇਤ

**ਪੰਜ ਪਿਆਰਿਆਂ ਦੀ ਅਗਵਾਈ ਹੇਠ ਵੱਡੀ ਗਿਣਤੀ 'ਚ ਸੰਗਤਾਂ ਨੇ ਭਰੀ ਹਾਜ਼ਰੀ, ਰਸਤੇ ਭਰ ਹੋਈ ਫੁੱਲਾਂ ਦੀ ਵਰਖਾ**



ਨਗਰ ਕੀਰਤਨ ਅਤੇ ਗੁਰੂਘਰ ਲਈ ਨਿਸ਼ਕਾਮ ਸੇਵਾਵਾਂ ਨਿਭਾਉਣ ਵਾਲੇ ਸਿੰਘਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਸਮਾਪਤੀ ਮੌਕੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ।

## ਪੰਜਾਬ ਯੂਨੀਵਰਸਿਟੀ ਚੋਣਾਂ 'ਚ SOI ਵੱਲੋਂ ABVP ਦੀ ਹਮਾਇਤ ਨੇ

# ਸ਼੍ਰੋਮਣੀ ਅਕਾਲੀ ਦਲ ਦਾ ਕੀਤਾ ਚਿਹਰਾ ਨੰਗਾ-ਬਾਬਾ ਬਿਬੇਕ ਸਿੰਘ



ਜੰਡਿਆਲਾ ਗੁਰੂ 1 ਸਤੰਬਰ ( ਕੁਲਵੰਤ ਸਿੰਘ ਵਿਰਦੀ )-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀਆਂ ਕੈਂਪਸ ਵਿਦਿਆਰਥੀ ਕੌਂਸਲ ਚੋਣਾਂ ਨੂੰ ਲੈ ਕੇ ਸਿਆਸੀ ਤਕਰਾਰ ਤੇਜ਼ ਹੁੰਦੀ ਦਿਖਾਈ ਦੇ ਰਹੀ ਹੈ !ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਜੰਡਿਆਲਾ ਗੁਰੂ ਦੇ ਸੇਵਾਦਾਰ ਅਤੇ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਭਾਈ ਜਸਵੰਤ ਸਿੰਘ ਖਾਲੜਾ ਜੀ ਦੀ ਫਿਲਮ ਆਉਣ ਤੇ ਸ੍ਰੋਮਣੀ ਅਕਾਲੀ ਦਲ ਅਤੇ ਸ੍ਰੋਮਣੀ ਕਮੇਟੀ ਵੱਲੋਂ ਬਹੁਤ ਦੁੱਖ ਪ੍ਰਗਟ ਕੀਤਾ ਗਿਆ ਕਿ ਸਿੱਖ ਕੌਮ ਨਾਲ ਬਹੁਤ ਜੁਲਮ ਹੋਇਆ ਹੈ ਅਤੇ ਲੰਮਾ ਸਮਾਂ ਸ੍ਰੋਮਣੀ ਅਕਾਲੀ ਦਲ ਵੱਲੋਂ ਆਪਣੇ ਰਾਜਕਾਲ ਸਮੇਂ ਬੰਦੀ ਸਿੰਘਾਂ ਨੂੰ ਕਾਤਲ ਕਹਿੰਦੀ ਰਹੀ ਅਤੇ ਲੰਮਾ ਸਮਾਂ ਰਾਜ ਹੰਢਾਉਣ ਤੋਂ ਬਾਅਦ ਜਦੋਂ ਰਾਜ ਚਲਾ ਗਿਆ ਕੁਰਸੀ ਚਲੀ ਗਈ ਤਾਂ ਪੰਥ ਦਰਦੀ ਬਣ ਗਏ ਅਤੇ ਬੰਦੀ ਸਿੰਘਾਂ ਦੀ ਰਿਹਾਈ ਦਾ ਖਿਆਲ ਵੀ ਆਉਣ ਲਗ ਪਏ ਅਤੇ ਵੱਡੇ ਵੱਡੇ ਬਿਆਨ ਦੇ ਕਿ ਪੰਥ ਦਰਦੀ ਹੋਣ ਦਾ ਦਾਅਵਾ ਕੀਤਾ ਜਾ ਰਿਹਾ ਸੀ ਅਤੇ ਭਾਜਪਾ ਨੂੰ ਆਪਣੇ ਬਿਆਨਾਂ ਰਾਹੀਂ ਕੋਸਦੇ ਹੁੰਦੇ ਦਿਖਾਈ ਦਿੰਦੇ ਸਨ ਲੇਕਿਨ ਇਹ ਸਭ ਢੌਂਗ ਰਚਿਆ ਹੋਇਆ ਸੀ ਜੋ ਸਾਹਮਣੇ ਦਿਖਾਈ ਦੇ ਰਿਹਾ ਹੈ ਕਿ ਬੀਤੇ ਦਿਨ ਸੁਖਬੀਰ ਸਿੰਘ ਬਾਦਲ ਨਾਲ ਸਬੰਧਤ ਸ਼੍ਰੋਮਣੀ ਅਕਾਲੀ ਦਲ ਦੇ ਵਿਦਿਆਰਥੀ ਜਥੇਬੰਦੀ SOI ਨੇ ਪੰਜਾਬ ਯੂਨੀਵਰਸਿਟੀ ਵਿਦਿਆਰਥੀ ਕੌਂਸਲ ਚੋਣਾਂ ਵਿੱਚ ABVP ਨੂੰ ਸਮਰਥਨ ਦੇਣ ਦਾ ਐਲਾਨ ਕੀਤਾ ਗਿਆ ਹੈ ! ਇਸ ਫ਼ੈਸਲੇ ਨੂੰ ਲੈ ਕੇ ਸਿੱਖਿਆ ਅਤੇ ਵਿਦਿਆਰਥੀ ਰਾਜਨੀਤੀ ਨੇ ਸਿਆਸੀ ਗਲਿਆਰਿਆਂ ਵਿੱਚ ਚਰਚਾ ਛੇੜ ਦਿੱਤੀ ਹੈ । ਕਿ ਕੀ ਜਾਣਬੁੱਝ ਕਿ SOI ਦੇ ਉਮੀਦਵਾਰ ਦੀ ਨਾਮਜ਼ਦਗੀ ਰੱਦ ਕੀਤੀ ਗਈ ਹੈ ਅਤੇ ਆਰ ਐਸ ਐਸ ਅਤੇ ਭਾਜਪਾ ਦਾ ਰਸਤਾ ਸਾਫ ਕੀਤਾ ਗਿਆ ਹੈ । ਅੱਗੇ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਸ੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਪਹਿਲਾਂ ਪੰਜਾਬ ਦੇ ਕਿਸਾਨਾਂ ਅਤੇ ਆਮ ਲੋਕਾਂ ਸਾਹਮਣੇ ਆਪਣੇ ਬਿਆਨਾਂ ਰਾਹੀਂ ਭਾਜਪਾ ਨੂੰ ਕੋਸਦੇ ਸਨ ਕਿ ਭਾਜਪਾ ਦੀਆਂ ਨੀਤੀਆਂ ਪੰਜਾਬ ਵਿਰੁੱਧ ਹਨ ਅਤੇ 700 ਕਿਸਾਨਾਂ ਦੀਆਂ ਲਾਸਾਂ ਤੇ ਸਿਆਸਤ ਖੇਡਦਿਆਂ ਹੋਇਆ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਉਸ ਦੀ ਜਿੰਮੇਵਾਰ ਭਾਜਪਾ ਹੈ ਅੱਜ ਇਹੀ ਲੋਕ ਭਾਜਪਾ ਨਾਲ ਜੁੜੀ ਵਿਦਿਆਰਥੀ ਜਥੇਬੰਦੀ ABVP ਦੀ ਹਮਾਇਤ ਕਰ ਰਹੀ ਹੈ। ਇਥੋਂ ਸਾਫ ਜਾਹਿਰ ਹੁੰਦਾ ਹੈ ਕਿ ਇਹ ਲੋਕ ਦੂਜੀਆਂ ਧਿਰਾਂ ਨੂੰ ਭਾਜਪਾ ਦੀ ਬੀ ਟੀਮ ਕਹਿੰਦੇ ਸਨ ਅਸਲ ਵਿੱਚ ਇਨਾਂ ਦੀ ਆਪਣੀ ਨੀਅਤ ਵਿੱਚ ਖੋਟ ਸੀ।

**ਭਾਈ ਜਸਵੰਤ ਸਿੰਘ ਖਾਲੜਾ ਤੇ ਬੰਦੀ ਸਿੰਘਾਂ ਪ੍ਰਤੀ ਪੰਥਕ ਹੋਣ ਦਾ ਰਚਿਆ ਢੌਂਗ ਜਗ ਜਾਹਰ ਅਕਾਲੀ ਦਲ ਵਾਰਿਸ ਪੰਜਾਬ ਦੇ**

# ਪਿੰਡ ਕਿਲਾ ਹਕੀਮਾ ਵਿਖੇ 25 ਲੱਖ ਰੁਪਏ ਦੀ ਲਾਗਤ ਨਾਲ ਸਟੇਡੀਅਮ ਦਾ ਉਦਘਾਟਨ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਕੀਤਾ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਕਿਲਾ ਹਕੀਮਾਂ ਦੇ ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ ਅਤੇ ਗੁਰਜੀਤ ਸਿੰਘ ਮੈਬਰ ਬਲਾਕ ਸੰਮਤੀ ਦੀ ਅਗਵਾਈ ਹੇਠ ਪਿੰਡ ਵਿੱਚ ਨਵੇਂ ਬਣੇ 25 ਲੱਖ ਰੁਪਏ ਦੀ ਲਾਗਤ ਨਾਲ ਸਟੇਡੀਅਮ ਦਾ ਸੁਖਵੀਰ ਸਿੰਘ ਸੁੱਖੀ ਓਐਸਡੀ ਮੁੱਖ ਮੰਤਰੀ ਪੰਜਾਬ ਨੇ ਕੀਤਾ। ਇਸ ਮੌਕੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਕਿਹਾ ਕਿ ਪਿੰਡ ਕਿਲ੍ਹਾ ਹਕੀਮਾਂ ਵਿਖੇ 25.87 ਲੱਖ ਰੁਪਏ ਦੀ ਲਾਗਤ ਨਾਲ ਖੇਡ ਸਟੇਡੀਅਮ ਤਿਆਰ ਕੀਤਾ ਗਿਆ ਹੈ।ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਪਿੰਡਾਂ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਉਨ੍ਹਾਂ ਦੀ ਊਰਜਾ ਨੂੰ ਉਸਾਰੂ ਦਿਸ਼ਾ ਵੱਲ ਲਗਾਉਣਾ ਹੈ। ਪਿੰਡ ਪੱਧਰ 'ਤੇ ਆਧੁਨਿਕ ਖੇਡ ਸਹੂਲਤਾਂ ਉਪਲਬਧ ਹੋਣ ਨਾਲ ਨੌਜਵਾਨਾਂ ਨੂੰ ਅਭਿਆਸ ਲਈ ਵਧੀਆ ਮਾਹੌਲ ਮਿਲੇਗਾ ਅਤੇ ਪੇਂਡੂ ਖੇਤਰਾਂ ਵਿੱਚੋਂ ਨਵੀਂ ਖੇਡ ਪ੍ਰਤਿਭਾ ਸਾਹਮਣੇ ਆਵੇਗੀ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇਸ ਲਈ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ ਅਤੇ ਪਿੰਡਾਂ ਵਿੱਚ ਖੇਡਾਂ ਲਈ ਲੋੜੀਂਦਾ ਬੁਨਿਆਦੀ ਢਾਂਚਾ ਵਿਕਸਤ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਬੇਹੱਦ ਉਤਸ਼ਾਹ ਹੈ ਅਤੇ ਸਰਕਾਰ ਵੱਲੋਂ ਉਨ੍ਹਾਂ ਨੂੰ ਲੋੜੀਂਦੀਆਂ ਸਹੂਲਤਾਂ ਅਤੇ ਮੌਕੇ ਪ੍ਰਦਾਨ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਪਿੰਡ ਵਾਸੀਆਂ ਅਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਨਵੇਂ ਖੇਡ ਸਟੇਡੀਅਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਖੇਡਾਂ ਵਿੱਚ ਵਧ-ਚੜ੍ਹ ਕੇ ਭਾਗ ਲੈਣ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਅਮ੍ਰਿਤਪਾਲ ਸਿੰਘ, ਗਗਨ ਜਵੰਧਾ, ਕੁਲਵਿੰਦਰ ਸਿੰਘ ਸਿੱਧੂ, ਸਰਪੰਚ ਸਿਮਰਨਜੀਤ ਸਿੰਘ ਬਟੂਹਾਂ, ਸਰਪੰਚ ਰਿੰਕਾ ਹਸਨਪੁਰ, ਨੰਬਰਦਾਰ ਰਜਿੰਦਰ ਸਿੰਘ, ਸਰਪੰਚ ਕਮਲ ਬਨਭੌਰਾ, ਸਰਪੰਚ ਕੁਲਦੀਪ ਸਿੰਘ ਬਾਲੀਆਂ, ਬਸੰਤ ਕਾਂਝਲਾ ਹਾਜ਼ਰ ਸਨ।

# ਕੱਚੇ ਬਿਜਲੀ ਮੁਲਾਜ਼ਮਾਂ ਦੇ ਮਸਲੇ 'ਤੇ ਪੰਜਾਬ ਸਰਕਾਰ 'ਤੇ ਰੁਸਤਮ ਮੋਰਿੰਡਾ ਨੇ ਚੁੱਕੇ ਸਵਾਲ



ਮੋਹਾਲੀ, 1 ਸਤੰਬਰ (ਆਵਾਜ਼ਿ ਕੌਮ ਬਿਊਰੋ)-ਲੰਬੇ ਸਮੇਂ ਤੋਂ ਆਪਣੇ ਹੱਕਾਂ ਅਤੇ ਪੱਕੇ ਹੋਣ ਦੀ ਮੰਗ ਨੂੰ ਲੈ ਕੇ ਸੰਘਰਸ਼ ਕਰ ਰਹੇ ਕੱਚੇ ਬਿਜਲੀ ਮੁਲਾਜ਼ਮਾਂ ਦੇ ਮਾਮਲੇ ਨੂੰ ਲੈ ਕੇ ਕਿਸਾਨ ਯੂਨੀਅਨ ਪੁਆਧ ਵੱਲੋਂ ਪੰਜਾਬ ਸਰਕਾਰ ਅਤੇ ਨਿੱਜੀ ਕੰਪਨੀ ਡਿਜੀਟਾਈਡ 'ਤੇ ਗੰਭੀਰ ਸਵਾਲ ਚੁੱਕੇ ਗਏ ਹਨ। ਕਿਸਾਨ ਯੂਨੀਅਨ ਪੁਆਧ ਦੇ ਪ੍ਰਤੀਨਿਧੀ ਰੁਸਤਮ ਮੋਰਿੰਡਾ ਨੇ ਕਿਹਾ ਕਿ ਸਰਕਾਰ ਨੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਬਜਾਏ ਉਨ੍ਹਾਂ ਨੂੰ ਦੋ ਵਰਗਾਂ ਵਿੱਚ ਵੰਡ ਦਿੱਤਾ ਹੈ। ਰੁਸਤਮ ਰਿੰਡਾ ਨੇ ਕਿਹਾ ਕਿ ਮੋਹਾਲੀ ਜ਼ਿਲ੍ਹੇ ਦੇ 33 ਕੱਚੇ ਮੁਲਾਜ਼ਮ ਲੰਬੇ ਸਮੇਂ ਤੋਂ ਪੱਕੇ ਹੋਣ ਦੀ ਮੰਗ ਨੂੰ ਲੈ ਕੇ ਸੰਘਰਸ਼ ਕਰ ਰਹੇ ਹਨ, ਪਰ ਅਜੇ ਤੱਕ ਉਨ੍ਹਾਂ ਨੂੰ ਪੱਕਾ ਨਹੀਂ ਕੀਤਾ ਗਿਆ। ਉਨ੍ਹਾਂ ਅਨੁਸਾਰ ਜਿਨ੍ਹਾਂ ਮੁਲਾਜ਼ਮਾਂ ਦਾ ਪ੍ਰੋਵਿਜ਼ਨਲ ਪੀਰੀਅਡ ਤਿੰਨ ਸਾਲ ਤੋਂ ਵੱਧ ਹੋ ਗਿਆ ਹੈ, ਉਨ੍ਹਾਂ ਲਈ 25 ਹਜ਼ਾਰ ਰੁਪਏ ਦਾ ਪੇ ਸਕੇਲ ਕੀਤਾ ਗਿਆ ਹੈ, ਜਦਕਿ ਤਿੰਨ ਸਾਲ ਤੋਂ ਘੱਟ ਪ੍ਰੋਵਿਜ਼ਨਲ ਪੀਰੀਅਡ ਵਾਲੇ ਮੁਲਾਜ਼ਮਾਂ ਨੂੰ ਪੁਰਾਣੇ ਪੇ ਸਕੇਲ 'ਤੇ ਹੀ ਰੱਖਿਆ ਗਿਆ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਇਸ ਤਰ੍ਹਾਂ ਸਰਕਾਰ ਨੇ ਮੁਲਾਜ਼ਮਾਂ ਨੂੰ ਦੋ ਵਰਗਾਂ ਵਿੱਚ ਵੰਡ ਕੇ ਆਪਸ ਵਿੱਚ ਫਰਕ ਪੈਦਾ ਕਰ ਦਿੱਤਾ ਹੈ, ਜਦਕਿ ਲੰਬੇ ਸਮੇਂ ਤੋਂ ਸੰਘਰਸ਼ ਕਰ ਰਹੇ ਕੱਚੇ ਮੁਲਾਜ਼ਮਾਂ ਦੀ ਮੁੱਖ ਮੰਗ ਉਨ੍ਹਾਂ ਨੂੰ ਪੱਕਾ ਕਰਨਾ ਹੈ।

**ਨਿੱਜੀ ਕੰਪਨੀ ਨੂੰ ਦਿੱਤੇ ਕੰਮ 'ਤੇ ਵੀ ਸਵਾਲ**

ਰੁਸਤਮ ਮੋਰਿੰਡਾ ਨੇ ਕਿਹਾ ਕਿ ਮੋਹਾਲੀ ਜ਼ਿਲ੍ਹੇ ਦੇ ਕੱਚੇ ਬਿਜਲੀ ਮੁਲਾਜ਼ਮਾਂ ਨਾਲ ਜੁੜਿਆ ਕੰਮ ਨਿੱਜੀ ਕੰਪਨੀ ਡਿਜੀਟਾਈਡ ਨੂੰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਦਾ ਦੋਸ਼ ਹੈ ਕਿ ਕੰਪਨੀ ਵੱਲੋਂ ਬਿਜਲੀ ਦਾ ਕੰਮ ਕਰਨ ਲਈ ਲੋੜੀਂਦੇ ਟੂਲਜ਼, ਗਲਵਜ਼ ਅਤੇ ਹੋਰ ਸੁਰੱਖਿਆ ਸਾਮਾਨ ਮੁਹੱਈਆ ਨਹੀਂ ਕਰਵਾਇਆ ਜਾ ਰਿਹਾ। ਉਨ੍ਹਾਂ ਦੱਸਿਆ ਕਿ ਮੁਲਾਜ਼ਮਾਂ ਅਨੁਸਾਰ ਸੁਰੱਖਿਆ ਸਾਮਾਨ ਦੀ ਘਾਟ ਕਾਰਨ ਬਿਜਲੀ ਦਾ ਕੰਮ ਕਰਦੇ ਸਮੇਂ ਕਈ ਮੁਲਾਜ਼ਮ ਜ਼ਖ਼ਮੀ ਹੋਏ ਹਨ ਅਤੇ ਕੁਝ ਮੁਲਾਜ਼ਮਾਂ ਦੇ ਹੱਥ ਤੱਕ ਵੱਢ ਜਾਣ ਦੀਆਂ ਘਟਨਾਵਾਂ ਸਾਹਮਣੇ ਆਈਆਂ ਹਨ। ਉਨ੍ਹਾਂ ਇਹ ਵੀ ਦੋਸ਼ ਲਗਾਇਆ ਕਿ ਅਜਿਹੇ ਹਾਦਸਿਆਂ ਤੋਂ ਬਾਅਦ ਮੁਲਾਜ਼ਮਾਂ ਦੀ ਸਰਕਾਰ ਵੱਲੋਂ ਬਣਦੀ ਸਾਰ ਨਹੀਂ ਲਈ ਗਈ। ਰੁਸਤਮ ਮੋਰਿੰਡਾ ਨੇ ਕਿਹਾ ਕਿ ਮੁਲਾਜ਼ਮਾਂ ਵੱਲੋਂ ਇਹ ਵੀ ਦੋਸ਼ ਲਗਾਇਆ ਜਾ ਰਿਹਾ ਹੈ ਕਿ ਕੰਪਨੀ ਵੱਲੋਂ ਤੈਅ ਕੀਤੀ ਗਈ ਬਣਦੀ ਤਨਖ਼ਾਹ ਪੂਰੀ ਨਹੀਂ ਦਿੱਤੀ ਜਾ ਰਹੀ ਅਤੇ ਕੰਮ ਸਬੰਧੀ ਤੈਅ ਗਾਈਡਲਾਈਨਾਂ ਦੀ ਵੀ ਪੂਰੀ ਤਰ੍ਹਾਂ ਪਾਲਣਾ ਨਹੀਂ ਕੀਤੀ ਜਾ ਰਹੀ।

**ਦੋ ਦਿਨ ਦਾ ਅਲਟੀਮੇਟਮ**-ਕਿਸਾਨ ਯੂਨੀਅਨ ਪੁਆਧ ਦੇ ਪ੍ਰਤੀਨਿਧੀ ਨੇ ਕਿਹਾ ਕਿ ਇਨ੍ਹਾਂ ਮਸਲਿਆਂ ਦੇ ਹੱਲ ਲਈ ਕੰਪਨੀ ਨੂੰ ਦੋ ਦਿਨ ਦਾ ਸਮਾਂ ਦਿੱਤਾ ਗਿਆ ਹੈ। ਜੇਕਰ ਇਸ ਸਮੇਂ ਦੌਰਾਨ ਬਿਜਲੀ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ ਤਾਂ ਕੰਪਨੀ ਦੇ ਖ਼ਿਲਾਫ਼ ਲੋਕਤੰਤਰਿਕ ਅਤੇ ਕਾਨੂੰਨੀ ਤਰੀਕੇ ਨਾਲ ਸੰਘਰਸ਼ ਤੇਜ਼ ਕੀਤਾ ਜਾਵੇਗਾ। ਰੁਸਤਮ ਮੋਰਿੰਡਾ ਨੇ ਕਿਹਾ ਕਿ ਸਰਕਾਰ ਵੱਲੋਂ ਕੰਮ ਨਿੱਜੀ ਕੰਪਨੀ ਨੂੰ ਦੇਣ ਨਾਲ ਸਰਕਾਰ ਦੀ ਸਿੱਧੀ ਜਵਾਬਦੇਹੀ ਖਤਮ ਨਹੀਂ ਹੋ ਜਾਂਦੀ। ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਦੇ ਹੱਕ, ਸੁਰੱਖਿਆ, ਤਨਖ਼ਾਹ ਅਤੇ ਹੋਰ ਸਹੂਲਤਾਂ ਯਕੀਨੀ ਬਣਾਉਣਾ ਸਰਕਾਰ ਦੀ ਵੀ ਜ਼ਿੰਮੇਵਾਰੀ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਸਰਕਾਰ ਵੱਲੋਂ ਨਿੱਜੀ ਕੰਪਨੀਆਂ ਨੂੰ ਅੱਗੇ ਕਰਕੇ ਮੁਲਾਜ਼ਮਾਂ ਅਤੇ ਸਰਕਾਰ ਵਿਚਕਾਰ ਸਿੱਧੇ ਟਕਰਾਅ ਦੀ ਬਜਾਏ ਤੀਜੀ ਧਿਰ ਖੜ੍ਹੀ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਮੁਲਾਜ਼ਮਾਂ ਨੂੰ ਆਪਣੇ ਹੱਕਾਂ ਲਈ ਸਰਕਾਰ ਦੀ ਬਜਾਏ ਨਿੱਜੀ ਕੰਪਨੀ ਨਾਲ ਸੰਘਰਸ਼ ਕਰਨਾ ਪੈ ਰਿਹਾ ਹੈ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਇੰਗਲੈਂਡ ਵਿਖੇ ਪਿੰਡ ਕੰਗ ਸਾਹਬੂ ਦੇ ਨਿਵਾਸੀਆਂ ਵੱਲੋਂ

# ਸੁਖਮਨੀ ਸਾਹਿਬ ਦੇ ਪਾਠ, ਪਿੰਡ ਦੀ ਭਲਾਈ ਅਤੇ ਚੜ੍ਹਦੀ ਕਲਾ ਲਈ ਕੀਤੀ ਅਰਦਾਸ















ਬਰਮਿੰਘਮ/ਇੰਗਲੈਂਡ: ਜਲੰਧਰ ਜ਼ਿਲ੍ਹੇ ਨਾਲ ਸਬੰਧਿਤ ਪਿੰਡ ਕੰਗ ਸਾਹਬੂ ਦੇ ਇੰਗਲੈਂਡ ਨਿਵਾਸੀਆਂ ਵੱਲੋਂ ਬਣਾਈ ਗਈ ਸਭਾ ਅਤੇ ਕੰਗ ਸਾਹਬੂ ਐਨ.ਆਰ.ਆਈ. ਵੈਲਫੇਅਰ ਸੁਸਾਇਟੀ ਵੱਲੋਂ ਗੁਰਦੁਆਰਾ ਬਾਬਾ ਸੰਗ ਜੀ, ਬਰਮਿੰਘਮ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ। ਇਸ ਮੌਕੇ ਇੰਗਲੈਂਡ ਵਸਦੇ ਪਿੰਡ ਕੰਗ ਸਾਹਬੂ ਨਾਲ ਸਬੰਧਿਤ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਰਧਾ ਅਤੇ ਉਤਸ਼ਾਹ ਨਾਲ ਹਾਜ਼ਰੀ ਭਰੀ।

ਧਾਰਮਿਕ ਸਮਾਗਮ ਉਪਰੰਤ ਪਿੰਡ ਕੰਗ ਸਾਹਬੂ ਦੇ ਵਿਕਾਸ, ਸੁਧਾਰ ਅਤੇ ਭਲਾਈ ਨਾਲ ਸਬੰਧਿਤ ਵੱਖ-ਵੱਖ ਮੁੱਦਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਹਾਜ਼ਰ ਸੱਜਣਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵਿਦੇਸ਼ਾਂ ਵਿੱਚ ਵਸਦੇ ਪਿੰਡ ਵਾਸੀ ਵੀ ਆਪਣੇ ਪਿੰਡ ਦੀ ਤਰੱਕੀ ਅਤੇ ਲੋਕ ਭਲਾਈ ਦੇ ਕੰਮਾਂ ਵਿੱਚ ਵੱਧ ਤੋਂ ਵੱਧ ਯੋਗਦਾਨ ਪਾਉਣ ਲਈ ਇਕਜੁੱਟ ਹੋ ਕੇ ਅੱਗੇ ਆਉਣ। ਇਸ ਮੌਕੇ ਸਤਿਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਵਿੱਤਰ ਚਰਨਾਂ ਵਿੱਚ ਅਰਦਾਸ ਕੀਤੀ ਗਈ ਕਿ ਪਰਮਾਤਮਾ ਪਿੰਡ ਕੰਗ ਸਾਹਬੂ ਨੂੰ ਹਮੇਸ਼ਾ ਚੜ੍ਹਦੀ ਕਲਾ ਵਿੱਚ ਰੱਖੇ ਅਤੇ ਪਿੰਡ ਦੀ ਤਰੱਕੀ, ਖੁਸ਼ਹਾਲੀ ਤੇ ਭਲਾਈ ਲਈ ਹੋਰ ਵੀ ਵਧੀਆ ਕੰਮ ਕਰਨ ਦਾ ਬਲ ਬਖ਼ਸ਼ੇ। ਸੰਗਤਾਂ ਨੇ ਪਿੰਡ ਦੇ ਭਲੇ ਲਈ ਕੀਤੇ ਜਾਣ ਵਾਲੇ ਹਰ ਉਸਾਰੂ ਅਤੇ ਲੋਕ-ਹਿਤੈਸ਼ੀ ਕਾਰਜ ਵਿੱਚ ਆਪਣਾ ਬਣਦਾ ਸਹਿਯੋਗ ਦੇਣ ਦਾ ਭਰੋਸਾ ਵੀ ਦਿੱਤਾ।

ਸਮਾਗਮ ਦੌਰਾਨ ਸਮੂਹ ਹਾਜ਼ਰ ਸੱਜਣਾਂ ਨੇ ਇਕਜੁੱਟ ਹੋ ਕੇ ਅਰਦਾਸ ਕੀਤੀ ਕਿ ਅਕਾਲ ਪੁਰਖ ਸਮੁੱਚੇ ਪਿੰਡ ਕੰਗ ਸਾਹਬੂ ਵਾਸੀਆਂ, ਵਿਦੇਸ਼ਾਂ ਵਿੱਚ ਵਸਦੇ ਪੰਜਾਬੀ ਭਾਈਚਾਰੇ ਅਤੇ ਸਮੁੱਚੇ ਖਾਲਸਾ ਪੰਥ ਨੂੰ ਸਦਾ ਚੜ੍ਹਦੀ ਕਲਾ ਬਖ਼ਸ਼ੇ ਅਤੇ ਸਭ ਨੂੰ ਆਪਸੀ ਪਿਆਰ, ਭਾਈਚਾਰੇ ਅਤੇ ਸੇਵਾ ਦੇ ਮਾਰਗ 'ਤੇ ਚੱਲਣ ਦੀ ਸੁਮੱਤ ਬਖ਼ਸ਼ੇ।


ਲੜੀਵਾਰ
ਗੁਰਬਾਣੀ ਸ਼ਬਦ ਵਿਚਾਰ
ਆਵਾਜ਼ਿ ਕੌਮ AWAZE QAUM
International Newspaper & WEB TV
ਗੁਰਦੁਆਰਾ ਬੰਗਲਾ ਸਾਹਿਬ
5 ਸਤੰਬਰ 2026
ਦਿਨ ਸ਼ਨੀਵਾਰ ਨੂੰ
ਸਵੇਰੇ 7:30 ਤੋਂ 8:30 ਵਜੇ ਤੱਕ
LIVE ON
CHARDIKLA TIME TV
ਗੁਰਦੁਆਰਾ ਸੀਸਗੰਜ ਸਾਹਿਬ
ਗੁਰਦੁਆਰਾ ਸੀਸਗੰਜ ਸਾਹਿਬ, ਦਿੱਲੀ
GURUDWARA SISGANJ SAHIB, DELHI
6 ਸਤੰਬਰ 2026
ਦਿਨ ਐਤਵਾਰ ਨੂੰ
ਸਵੇਰੇ 7:30 ਤੋਂ 8:30 ਵਜੇ ਤੱਕ
LIVE ON
PTC ਸਿਮਰਨ
ਵਿਚਾਰਾਂ ਦੀ ਸਾਂਝ ਪਾਉਣਗੇ
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸੰਪਰਕ ਨੰਬਰ : 9814015740 , 9356060960